SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 02 | Tuesday, January 03, 2023 | Tel: 905-793-2202 | Fax: 905-793-2282 | news@punjabipost.ca | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਗਲੋਬਲ ਰੈਂਸਮਵੇਅਰ ਆਪਰੇਟਰ ਲੌਕਬਿੱਟ ਨੇ ਸਿੱਕਕਿੱਡਜ਼ ਉੱਤੇ ਹੋਏ ਸਾਈਬਰ ਹਮਲੇ ਲਈ ਮੰਗੀ ਮੁਆਫੀ

ਟੋਰਾਂਟੋ, 2 ਜਨਵਰੀ (ਪੋਸਟ ਬਿਊਰੋ) : ਗਲੋਬਲ ਰੈਂਸਮਵੇਅਰ ਆਪਰੇਟਰ ਵੱਲੋਂ ਇਹ ਦਾਅਵਾ ਕੀਤਾ ਗਿਆ ਹੈ ਕਿ ਕੈਨੇਡਾ ਦੇ ਸੱਭ ਤੋਂ ਵੱਡੇ ਪੀਡੀਐਟ੍ਰਿਕ ਮੈਡੀਕਲ ਸੈਂਟਰ ਸਿੱਕਕਿੱਡਜ਼ ਉੱਤੇ ਸਾਈਬਰ ਹਮਲਾ ਕਰਨ ਵਾਲਾ ਕੋਈ ਹੋਰ ਨਹੀਂ ਸਗੋਂ ਉਸ ਦਾ ਹੀ ਭਾਈਵਾਲ ਸੀ। ਇਸ ਲਈ ਲੌਕਬਿੱਟ ਨਾਂ ਦੇ ਇਸ ਰੈਂਸਮਵੇਅਰ ਗਰੁੱਪ ਵੱਲੋਂ ਮੁਆਫੀ ਵੀ ਮੰਗੀ ਗਈ ਹੈ।




ਲੌਕਬਿੱਟ, ਜਿਹੜਾ ਕਿ ਇੱਕ ਰੈਂਸਮਵੇਅਰ ਗਰੁੱਪ ਹੈ ਤੇ ਜਿਸ ਬਾਰੇ ਅਮਰੀਕਾ ਦੇ ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ ਦਾ ਕਹਿਣਾ ਹੈ ਕਿ ਇਹ ਦੁਨੀਆ ਵਿੱਚ ਸੱਭ ਤੋਂ ਵੱਧ ਸਰਗਰਮ ਤੇ ਖਤਰਨਾਕ ਹੈ, ਵੱਲੋਂ ਇੱਕ ਬਿਆਨ ਪੋਸਟ ਕਰਕੇ ਆਖਿਆ ਗਿਆ ਹੈ ਕਿ ਟੋਰਾਂਟੋ ਦੇ ਹਾਸਪਿਟਲ ਫੌਰ ਸਿੱਕ ਚਿਲਡਰਨ ਉੱਤੇ ਹੋਏ ਸਾਈਬਰ ਹਮਲੇ ਲਈ ਉਸ ਦਾ ਭਾਈਵਾਲ ਜ਼ਿੰਮੇਵਾਰ ਹੈ ਤੇ ਇਸ ਗਰੁੱਪ ਵੱਲੋਂ ਸਿਸਟਮ ਨੂੰ ਰੀਸਟੋਰ ਕਰਨ ਲਈ ਕੋਡ ਮੁਹੱਈਆ ਕਰਵਾਉਣ ਦੀ ਪੇਸ਼ਕਸ਼ ਵੀ ਕੀਤੀ ਗਈ ਹੈ।

ਜ਼ਿਕਰਯੋਗ ਹੈ ਕਿ ਸਿੱਕਕਿੱਡਜ਼ ਵੱਲੋਂ ਐਤਵਾਰ ਨੂੰ ਇਹ ਸਵੀਕਾਰ ਕੀਤਾ ਗਿਆ ਸੀ ਕਿ ਇਸ ਤਰ੍ਹਾਂ ਦੇ ਬਿਆਨ ਤੋਂ ਉਹ ਜਾਣੂ ਹੈ ਤੇ ਇਹ ਵੀ ਆਖਿਆ ਗਿਆ ਸੀ ਕਿ ਉਨ੍ਹਾਂ ਵੱਲੋਂ ਇਸ ਪੇਸ਼ਕਸ਼ ਨੂੰ ਸਵੀਕਾਰਨ ਜਾਂ ਨਾ ਸਵੀਕਾਰਨ ਲਈ ਮਾਹਿਰਾਂ ਦੀ ਰਾਇ ਲਈ ਜਾ ਰਹੀ ਹੈ। ਸਿੱਕਕਿੱਡਜ਼ ਨੇ ਇਹ ਵੀ ਆਖਿਆ ਕਿ ਉਨ੍ਹਾਂ ਵੱਲੋਂ ਕਿਸੇ ਕਿਸਮ ਦੀ ਫਿਰੌਤੀ ਕਿਸੇ ਨੂੰ ਨਹੀਂ ਦਿੱਤੀ ਗਈ। ਹਸਪਤਾਲ ਨੇ ਆਖਿਆ ਕਿ ਪਿਛਲੇ ਮਹੀਨੇ ਹੋਏ ਇਸ ਹਮਲੇ ਕਾਰਨ ਲੈਬ ਟੈਸਟ ਤੇ ਇਮੇਜਿੰਗ ਦੇ ਨਤੀਜਿਆਂ ਵਿੱਚ ਦੇਰ ਹੋਈ, ਫੋਨ ਲਾਈਨਾਂ ਠੱਪ ਪੈ ਗਈਆਂ ਤੇ ਸਟਾਫ ਦਾ ਪੇਅਰੋਲ ਸਿਸਟਮ ਬੰਦ ਹੋ ਗਿਆ। ਪਰ ਉਸ ਸਮੇਂ ਤੋਂ ਲੈ ਕੇ ਹੁਣ ਤੱਕ 60 ਫੀ ਸਦੀ ਸਿਸਟਮ ਨੂੰ ਮੁੜ ਆਨਲਾਈਨ ਕਰ ਲਿਆ ਗਿਆ ਹੈ ਤੇ ਸਿਸਟਮ ਨੂੰ ਪੂਰੀ ਤਰ੍ਹਾਂ ਰੀਸਟੋਰ ਕਰਨ ਦੀਆਂ ਕੋਸ਼ਿਸ਼ਾਂ ਸਹੀ ਢੰਗ ਨਾਲ ਚੱਲ ਰਹੀਆਂ ਹਨ।

## ਵੈਸਟਨ ਤੇ ਹੰਬਰ ਨੇੜੇ ਚੱਲੀ ਗੋਲੀ ਵਿੱਚ ਇੱਕ ਜ਼ਖ਼ਮੀ

ਟੋਰਾਂਟੋ, 2 ਜਨਵਰੀ (ਪੋਸਟ ਬਿਊਰੋ) : ਸੋਮਵਾਰ ਸਵੇਰੇ ਸਿਟੀ ਦੇ ਨੌਰਥਵੈਸਟ ਸਿਰੇ ਉੱਤੇ ਇੱਕ ਵਿਅਕਤੀ ਨੂੰ ਗੋਲੀ ਮਾਰੇ ਜਾਣ ਦੇ ਮਾਮਲੇ ਦੀ ਟੋਰਾਂਟੋ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਇਸ ਇਲਾਕੇ ਵਿੱਚ ਗੋਲੀ ਚੱਲਣ ਦੀ ਆਵਾਜ਼ ਸੁਣੇ ਜਾਣ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ ਪੁਲਿਸ ਨੂੰ ਵੈਸਟਨ ਰੋਡ ਤੇ ਹੰਬਰ ਬੁਲੇਵਾਰਡ ਏਰੀਆ ਵਿੱਚ ਸੱਦਿਆ ਗਿਆ। ਪੁਲਿਸ ਦੇ ਮੌਕੇ ਉੱਤੇ ਪਹੁੰਚਣ ਉੱਤੇ ਇੱਕ ਵਿਅਕਤੀ ਉਨ੍ਹਾਂ ਨੂੰ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਪੁਲਿਸ ਨੇ ਦੱਸਿਆ ਕਿ ਇਸ ਵਿਅਕਤੀ ਦੇ ਜ਼ਖ਼ਮ ਗੰਭੀਰ ਹਨ ਪਰ ਜਾਂਚਕਾਰਾਂ ਵੱਲੋਂ ਉਸ ਦੀ ਹਾਲਤ ਦੇ ਸਬੰਧ ਵਿੱਚ ਕੋਈ ਅਪਡੇਟ ਮੁਹੱਈਆ ਨਹੀਂ ਕਰਵਾਈ ਗਈ ਹੈ। ਕਿਸੇ ਮਸ਼ਕੂਕ ਬਾਰੇ ਵੀ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

## ਕੈਨੇਡਾ 'ਚ ਹੁਣ ਵਿਦੇਸ਼ੀ ਲੋਕ ਨਹੀਂ ਖਰੀਦ ਸਕਣਗੇ ਘਰ, ਸਰਕਾਰ ਨੇ 2 ਸਾਲ ਲਈ ਲਗਾਈ ਪਾਬੰਦੀ

ਟੋਰਾਂਟੋ, 2 ਜਨਵਰੀ (ਪੋਸਟ ਬਿਊਰੋ)- ਕੈਨੇਡਾ 'ਚ ਸਰਕਾਰ ਨੇ ਵਿਦੇਸ਼ੀਆਂ ਲਈ ਜਾਇਦਾਦ ਖਰੀਦਣ 'ਤੇ ਪਾਬੰਦੀ ਲਗਾ ਦਿੱਤੀ ਹੈ। ਰਿਹਾਇਸ਼ ਦੀ ਘਾਟ ਦਾ ਸਾਹ-ਮਣਾ ਕਰ ਰਹੇ ਸਥਾਨਕ ਲੋਕਾਂ ਨੂੰ ਵਧੇਰੇ ਘਰ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕੈਨੇਡਾ ਵਿੱਚ ਰਿਹਾਇਸ਼ੀ ਜਾਇਦਾਦ ਖਰੀਦਣ ਵਾਲੇ ਵਿਦੇਸ਼ੀ ਲੋਕਾਂ 'ਤੇ ਪਾਬੰਦੀ ਲਗਾਈ ਗਈ ਹੈ। ਇਹ ਪਾਬੰਦੀ ਐਤਵਾਰ 1 ਜਨਵਰੀ, 2023 ਤੋਂ ਲਾਗੂ ਹੋ ਗਈ ਹੈ। ਹਾਲਾਂਕਿ, ਐਕਟ ਦੇ ਬਹੁਤ ਸਾਰੇ ਅਪਵਾਦ ਹਨ। ਕੈਨੇਡੀਅਨ ਸਰਕਾਰ ਨੇ ਇਹ ਵੀ ਸਪੱਸ਼ਟ ਕਰ ਦਿੱਤਾ ਹੈ ਕਿ ਇਹ ਪਾਬੰਦੀ ਸਿਰਫ਼ ਸ਼ਹਿਰ ਦੀਆਂ ਰਿਹਾਇਸ਼ਾਂ 'ਤੇ ਲਾਗੂ ਹੋਵੇਗੀ। ਇਹ ਪਾਬੰਦੀ ਸਮਰ ਕਾਟੇਜ ਵਰਗੀਆਂ ਜਾਇਦਾਦਾਂ 'ਤੇ ਲਾਗੂ ਨਹੀਂ ਹੋਵੇਗੀ।



ਇਸ ਤੋਂ ਪਹਿਲਾਂ ਕੈਨੇਡਾ ਸਰਕਾਰ ਵੀ ਸਟੱਡੀ ਅਤੇ ਪੀਆਰ ਵੀਜ਼ਿਆਂ ਲਈ ਅਪਲਾਈ ਕਰਨ ਵਾਲਿਆਂ ਨੂੰ ਝਟਕਾ ਦੇ ਚੁੱਕੀ ਹੈ। ਪਿਛਲੇ ਸਾਲ ਵੱਡੀ ਗਿਣਤੀ ਵਿੱਚ ਵੀਜ਼ੇ ਰੱਦ ਕੀਤੇ ਗਏ ਸਨ। ਰਿਹਾਇਸ਼ ਦੀ ਘਾਟ ਦਾ ਸਾਹਮਣਾ ਕਰ ਰਹੇ ਕੈਨੇਡਾ ਨੇ ਵਿਦੇਸ਼ੀਆਂ ਨੂੰ ਰਿਹਾਇਸ਼ੀ ਜਾਇਦਾਦ ਖਰੀਦਣ 'ਤੇ ਪਾਬੰਦੀ ਲਗਾ ਦਿੱਤੀ ਹੈ। ਦਰਅਸਲ, ਕੈਨੇਡਾ ਵਿੱਚ ਘਰ ਖਰੀਦਣ ਵਾਲਿਆਂ ਦੀ ਮੰਗ ਪਿਛਲੇ ਸਮੇਂ ਵਿੱਚ ਬਹੁਤ ਵੱਧ ਗਈ ਹੈ। ਲੋਕ ਕੈਨੇਡਾ ਵਿੱਚ ਮੁਨਾਫ਼ੇ ਦੀ ਜਾਇਦਾਦ ਖਰੀਦਣ ਅਤੇ ਵੇਚਣ ਵਿੱਚ ਲੱਗੇ ਹੋਏ ਹਨ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਮਕਾਨ ਲੋਕਾਂ ਲਈ ਹਨ ਨਾ ਕਿ ਨਿਵੇਸ਼ਕਾਂ ਲਈ। ਸਰਕਾਰ ਨੇ ਨਾਨ-ਕੈਨੇਡੀਅਨ ਐਕਟ ਤਹਿਤ ਰਿਹਾਇਸ਼ੀ ਜਾਇਦਾਦ ਖਰੀਦਣ 'ਤੇ ਪਾਬੰਦੀ ਲਾਗੂ ਕਰ ਦਿੱਤੀ ਹੈ।

ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ 2021 ਵਿੱਚ ਚੋਣ ਪ੍ਰਚਾਰ ਦੌਰਾਨ ਲੋਕਾਂ ਦੀ ਸਹੂਲਤ ਲਈ ਜਾਇਦਾਦ ਨੂੰ ਲੈ ਕੇ ਇਹ ਪ੍ਰਸਤਾਵ ਰੱਖਿਆ ਸੀ। ਕੈਨੇਡਾ ਵਿੱਚ ਵਧਦੀਆਂ ਕੀਮਤਾਂ ਕਾਰਨ ਬਹੁਤ ਸਾਰੇ ਲੋਕ ਘਰ ਨਹੀਂ ਖਰੀਦ ਪਾ ਰਹੇ ਹਨ। ਇਹ ਫੈਸਲਾ ਸਥਾਨਕ ਲੋਕਾਂ ਨੂੰ ਫਾਇਦਾ ਪਹੁੰਚਾਉਣ ਲਈ ਲਿਆ ਗਿਆ ਹੈ। ਹਾਲਾਂਕਿ, ਐਕਟ ਵਿੱਚ ਕਈ ਅਪਵਾਦ ਹਨ ਜੋ ਸ਼ਰਨਾਰਥੀ ਅਤੇ ਸਥਾਈ ਨਿਵਾਸੀਆਂ ਨੂੰ ਘਰ ਖਰੀਦਣ ਦੀ ਆਗਿਆ ਦਿੰਦੇ ਹਨ। ਵੈਨਕੂਵਰ ਅਤੇ ਟੋਰਾਂਟੋ ਵਰਗੇ ਪ੍ਰਮੁੱਖ ਬਾਜ਼ਾਰਾਂ ਨੇ ਵੀ ਗੈਰ-ਨਿਵਾਸੀਆਂ ਅਤੇ ਖਾਲੀ ਘਰਾਂ 'ਤੇ ਟੈਕਸ ਲਗਾਉਣਾ ਸ਼ੁਰੂ ਕਰ ਦਿੱਤਾ ਹੈ। ਦੇਸ਼ ਦੀ ਰੀਅਲ ਅਸਟੇਟ ਮਾਰਕੀਟ ਵੇਚਣ ਵਾਲਿਆਂ ਲਈ ਸੁਸਤ ਹੋ ਗਈ ਹੈ ਕਿਉਂਕਿ ਬੈਂਕ ਆਫ ਕੈਨੇਡਾ ਦੀ ਮੁਦਰਾ ਨੀਤੀ ਦੀ ਪਾਲਣਾ ਮਹਿੰਗਾਈ ਨੂੰ ਰੋਕਣ ਲਈ ਕੀਤੀ ਜਾ ਰਹੀ ਹੈ।

## ਸਕਾਰਲੈਟ ਤੇ ਐਗਲਿੰਟਨ ਨੇੜੇ ਚੱਲੀ ਗੋਲੀ, ਇੱਕ ਜ਼ਖ਼ਮੀ

ਟੋਰਾਂਟੋ, 2 ਜਨਵਰੀ (ਪੋਸਟ ਬਿਊਰੋ) : ਸਕਾਰਲੈਟ ਰੋਡ ਤੇ ਐਗਲਿੰਟਨ ਐਵਨਿਊ ਵੈਸਟ ਨੇੜੇ ਗੋਲੀ ਮਾਰੇ ਜਾਣ ਕਾਰਨ ਇੱਕ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ।



ਕਿਸੇ ਵਿਅਕਤੀ ਨੂੰ ਗੋਲੀ ਮਾਰੇ ਜਾਣ ਦੀ ਖਬਰ ਦੇ ਕੇ ਟੋਰਾਂਟੋ ਪੁਲਿਸ ਨੂੰ ਇਸ ਇਲਾਕੇ ਵਿੱਚ ਸੱਦਿਆ ਗਿਆ। ਪੁਲਿਸ ਨੂੰ ਮੌਕੇ ਤੋਂ ਇੱਕ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ ਤੇ ਘਟਨਾ ਵਾਲੀ ਥਾਂ ਉੱਤੇ ਕਈ ਗੋਲੀਆਂ ਦੇ ਖੋਲ ਵੀ ਪਏ ਮਿਲੇ।

ਪਹਿਲਾਂ ਪੁਲਿਸ ਨੇ ਦੱਸਿਆ ਕਿ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਇਆ ਪਰ ਬਾਅਦ ਵਿੱਚ ਪੁਲਿਸ ਨੇ ਆਖਿਆ ਕਿ ਉਸ ਨੂੰ ਮਾਮੂਲੀ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਜਾਂਚਕਾਰਾਂ ਨੇ ਦੱਸਿਆ ਕਿ ਇਸ ਘਟਨਾ ਵਿੱਚ ਦੋ ਗੱਡੀਆਂ ਸ਼ਾਮਲ ਸਨ। ਇਹ ਵੀ ਪਤਾ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਇੱਕ ਚੱਲਦੀ ਗੱਡੀ ਵਿੱਚੋਂ ਦੂਜੀ ਚੱਲਦੀ ਗੱਡੀ ਉੱਤੇ ਹਮਲਾ ਕੀਤਾ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਡਰਾਈਵਰ ਨੂੰ ਚਾਕੂ ਮਾਰ ਕੇ ਗੱਡੀ ਖੋਹਣ ਵਾਲੇ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 2 ਜਨਵਰੀ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ ਹਿੰਸਕ ਕਾਰਜੈਕਿੰਗ ਦੌਰਾਨ ਡਰਾਈਵਰ ਨੂੰ ਚਾਕੂ ਮਾਰ ਦਿੱਤਾ ਗਿਆ ਤੇ ਟੋਰਾਂਟੋ ਪੁਲਿਸ ਚਾਰ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ।



ਸੋਮਵਾਰ ਨੂੰ ਰਾਤੀਂ 12:30 ਵਜੇ ਤੋਂ ਠੀਕ ਪਹਿਲਾਂ ਕੀਲ ਸਟਰੀਟ ਤੇ ਫਿੰਚ ਐਵਨਿਊ ਵੈਸਟ ਨੇੜੇ ਪੁਲਿਸ ਨੂੰ ਇਸ ਵਾਰਦਾਤ ਦੀ ਜਾਣਕਾਰੀ ਦੇ ਕੇ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਹਥਿਆਰਾਂ ਨਾਲ ਲੈਸ ਮਸ਼ਕੂਕ ਇੱਕ ਗੱਡੀ ਕੋਲ ਪਹੁੰਚੇ ਤੇ ਉਨ੍ਹਾਂ ਡਰਾਈਵਰ ਨੂੰ ਚਾਕੂ ਮਾਰ ਕੇ ਗੱਡੀ ਖੋਹ ਲਈ ਤੇ ਫਿਰ ਉਸ ਵਿਅਕਤੀ ਦੀ ਗੱਡੀ ਵਿੱਚ ਸਵਾਰ ਹੋ ਕੇ ਉੱਥੋਂ ਫਰਾਰ ਹੋ ਗਏ।

ਜ਼ਖ਼ਮੀ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਪੁਲਿਸ ਵੱਲੋਂ ਅਜੇ ਮਸ਼ਕੂਕਾਂ ਜਾਂ ਗੱਡੀ ਦੇ ਸਬੰਧ ਵਿੱਚ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axel InsuranceBrokers Ltd. 1332 Khalsa Dr, Unit # 11, Mississauga, ON L5S 0A2

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5T 1T1

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat MAYTAG LG SAMSUNG Electrolux JENNAIR BOSCH Whirlpool
416-551-5553 WWW.OURRHOMEAPPLIANCES.COM

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill
KSG Pest Control Inc.

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan Certified Instructor
Cell: 416 726 6206 Tel: 905 405 0001

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax: 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control
Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
416 938 4598

## ਸਪੀਕਰ ਸੰਧਵਾਂ ਨੇ ਵੱਖ ਵੱਖ ਵਿਕਾਸ ਕਾਰਜਾਂ ਲਈ 6.50 ਲੱਖ ਰੁਪਏ ਦੇ ਚੈੱਕ ਵੰਡੇ

ਫਰੀਦਕੋਟ 2 ਜਨਵਰੀ (ਗਿਆਨ ਸਿੰਘ) ਜਿਲੇ ਵਿੱਚ ਵਿਕਾਸ ਕਾਰਜਾਂ ਅਤੇ ਹੋਰ ਸਾਂਝੇ ਕੰਮਾਂ ਲਈ ਕਿਸੇ ਕਿਸਮ ਦੀ ਫੰਡਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਹ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਜਿਲੇ ਵੱਖ ਵੱਖ ਪਿੰਡਾਂ ਦਾ ਦੌਰਾ ਕਰਕੇ ਵਿਕਾਸ ਕਾਰਜਾਂ ਅਤੇ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ 6.50 ਲੱਖ ਰੁਪਏ ਦੀ ਰਾਸ਼ੀ ਦੇ ਚੈਂਕ ਵੰਡਣ ਮੌਕੇ ਕੀਤਾ।



ਉਨ੍ਹਾਂ ਨੇ ਸਿੱਖਾਂਵਾਲਾ ਪਿੰਡ ਦੀ ਪੰਚਾਇਤ ਨੂੰ ਪਿੰਡ ਦੇ ਵਿਕਾਸ ਕਾਰਜਾਂ ਲਈ 4 ਲੱਖ ਰੁਪਏ ਅਤੇ ਮਕਾਨ ਦੀ ਮੁਰੰਮਤ ਲਈ ਜਸਵੰਤ ਸਿੰਘ ਨੂੰ 50 ਹਜ਼ਾਰ ਰੁਪਏ, ਪਿੰਡ ਢੁੱਡੀ ਸ਼ਹੀਦ ਊਧਮ ਸਿੰਘ ਸਪੋਰਸਟ ਕਲੱਬ ਦੇ ਪ੍ਰਧਾਨ ਰਾਜਪਾਲ ਸਿੰਘ ਨੂੰ 1 ਲੱਖ ਰੁਪਏ ਅਤੇ ਘਰ ਦੀ ਰਿਪੇਅਰ ਵਾਸਤੇ ਪ੍ਰਭਦੀਪ ਸਿੰਘ ਨੂੰ 50 ਹਜ਼ਾਰ ਰੁਪਏ ਦੇ ਚੈੱਕ ਤਕਸੀਮ ਕੀਤੇ। ਇਸ ਤੋਂ ਇਲਾਵਾ ਉਨ੍ਹਾਂ ਰਾਧਾ ਕ੍ਰਿਸ਼ਨ ਧਾਮ ਵਿਖੇ ਬੇਸਹਾਰਾ ਬੱਚਿਆ ਦੀ ਦੇਖਭਾਲ ਲਈ ਸੰਸਥਾਂ ਰਾਧਾ ਕ੍ਰਿਸ਼ਨ ਧਾਮ ਸਮੰਤੀ ਨੂੰ 50 ਹਜ਼ਾਰ ਰੁਪਏ ਦਾ ਚੈੱਕ ਵੀ ਦਿੱਤਾ। ਇਸ ਮੌਕੇ ਸਪੋਰਸਟ ਕਲੱਬ ਦੇ ਪ੍ਰਧਾਨ ਅਤੇ ਸ੍ਰੀ ਰਾਧਾ ਕ੍ਰਿਸ਼ਨ ਧਾਮ ਸੰਮਤੀ ਨੇ ਖੇਡਾਂ ਨੂੰ ਪ੍ਰਫੁਲਤ ਕਰਨ ਅਤੇ ਬੇਸਹਾਰਾ ਬੱਚਿਆਂ ਦੀ ਦੇਖਭਾਲ ਲਈ ਆਰਥਿਕ ਮਦਦ ਕਰਨ ਲਈ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਇਸ ਮੌਕੇ ਮਨਪ੍ਰੀਤ ਸਿੰਘ ਧਾਲੀਵਾਲ, ਜਸਵਿੰਦਰ ਸਿੰਘ, ਸਰਬ ਗਿੱਲ, ਗੁਰਿੰਦਰ ਸਿੰਘ ਤੋਂ ਇਲਾਵਾ ਪੰਚ ਸਰਪੰਚ ਅਤੇ ਕਲੱਬ ਦੇ ਮੈਂਬਰ ਵੀ ਹਾਜ਼ਰ ਸਨ।

## ਨਕੋਦਰ ਵਿਚ ਸੁਨਿਆਰੇ ਤੋਂ 8 ਲੱਖ ਰੁਪਏ ਦੀ ਫਿਰੌਤੀ ਮੰਗਣ ਵਾਲੇ ਤਿੰਨ ਵਿਅਕਤੀ ਗ੍ਰਿਫਤਾਰ

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ):: ਪੰਜਾਬ ਦੇ ਜ਼ਿਲ੍ਹਾ ਜਲੰਧਰ ਦੇ ਅਧੀਨ ਪੈਂਦੇ ਥਾਣਾ ਸਦਰ ਨਕੋਦਰ () ਦੀ ਪੁਲਿਸ ਨੇ ਇਕ ਸੁਨਿਆਰੇ ਤੋਂ 8 ਲੱਖ ਰੁਪਏ ਦੀ ਫਿਰੌਤੀ ਮੰਗਣ ਵਾਲੇ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਗ੍ਰਿਫਤਾਰ ਕੀਤੇ ਵਿਅਕਤੀਆਂ ਦੀ ਪਛਾਣ ਬੱਬੀ ਪੁੱਤਰ ਸੋਹਣ ਲਾਲ ਵਾਸੀ ਪਿੰਡ ਵਾਠ ਨੂਰਮਹਿਲ, ਬਲਵਿੰਦਰ ਕੁਮਾਰ ਉਰਫ ਵਿੱਕੀ ਪੁੱਤਰ ਹੰਸਰਾਜ ਉਰਫ ਕਰਮਚੰਦ ਵਾਸੀ ਰਵਿਦਾਸ ਪੁਰਾ ਮਹਿਤਪੁਰ ਅਤੇ ਅਮਨਪ੍ਰੀਤ ਸਿੰਘ ਉਰਫ਼ ਅਪਨਾ ਪੁੱਤਰ ਬੂਟਾ ਸਿੰਘ ਵਾਸੀ ਖੁਰਸ਼ੀਦਪੁਰ ਵਜੋਂ ਹੋਈ ਹੈ।

ਇਸ ਸੰਬੰਧੀ ਐੱਸ.ਪੀ.ਡੀ.ਸਰਵਜੀਤ ਸਿੰਘ ਨੇ ਦੱਸਿਆ ਕਿ ਥਾਣਾ ਸਦਰ ਨਕੋਦਰ ਦੇ ਇੰਚਾਰਜ ਇੰਸਪੈਕਟਰ ਪਲਵਿੰਦਰ ਸਿੰਘ ਨੂੰ ਅਰਵਿੰਦਰ ਕੁਮਾਰ ਵਾਸੀ ਗੁਰੂ ਨਾਨਕ ਪੁਰਾ ਨਕੋਦਰ ਵੱਲੋਂ ਸ਼ਿਕਾਇਤ ਦਰਜ ਕਰਵਾਈ ਗਈ ਸੀ ਕਿ ਕੁਝ ਲੋਕ ਉਸ ਨੂੰ ਧਮਕੀਆਂ ਦੇ ਕੇ ਫੋਨ ਕਰ ਕੇ 8 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕਰ ਰਹੇ ਹਨ। ਜਿਸ 'ਤੇ ਕਾਰਵਾਈ ਕਰਦੇ ਹੋਏ ਇੰਸਪੈਕਟਰ ਪਲਵਿੰਦਰ ਸਿੰਘ ਨੇ ਤਕਨੀਕੀ ਟੀਮ ਦੇ ਨਾਲ ਕਪੂਰਥਲਾ ਰੋਡ ਉੱਗੀ ਤੋਂ ਉਕਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ ਵਾਰਦਾਤ 'ਚ ਵਰਤੇ ਗਏ ਮੋਬਾਇਲ ਫੋਨ ਅਤੇ ਸਿਮ ਕਾਰਡ ਬਰਾਮਦ ਕੀਤੇ, ਪੁਲਿਸ ਨੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਅੱਜ ਨਾਮਾ

ਚੰਦਰਾ ਸੈਲਫੀ ਦਾ ਚਸਕਾ ਹੈ ਬੜਾ ਮਾੜਾ,
ਛੱਡਦਾ ਮਾਰ ਬਈ ਮੂਲੋ 'ਇਹ ਮੱਤ ਬੇਲੀ।
ਚਸਕਾ ਜਿਨ੍ਹਾਂ ਨੂੰ ਲੱਗਾ ਈ ਸੈਲਫੀਆਂ ਦਾ,
ਕਰਦੇ ਲੋਕ ਉਹ ਫਿਰਨ ਬੱਸ ਅੱਤ ਬੇਲੀ।
ਜਾਂਦੀ ਸੜਕ'ਤੇ ਕੁੜੀ ਨਾਲ ਸੈਲਫੀਆਂ ਤੋਂ,
ਬਹਿ ਗਿਆ ਛੋਹਰਾ ਸੀ ਛੇੜ ਕੁਪੱਤ ਬੇਲੀ।
ਖੜੋਤਾ ਸੀਗਾ ਕੋਈ ਨਹਿਰ ਦੇ ਆਣ ਕੰਢੇ,
ਲਿਆ ਸੀਮੌਤਉਸ ਨੂੰ ਘੇਰਾ ਘੱਤ ਬੇਲੀ।
ਚੜ੍ਹਿਆ ਨਵਾਂ ਜਦ ਸਾਲ ਤਾਂ ਫੇਰ ਸੁਣਿਆ,
ਕਰ ਲਿਆ ਟਰੇਨ ਦੇ ਮੂਹਰੇ ਕੁਚੱਜ ਬੇਲੀ।
ਸੈਲਫੀ ਲੈਂਦੇ ਸਨ ਮਾਰੇ ਗਏ ਤਿੰਨ ਛੋਹਰੇ,
ਬਚਿਆ ਚੌਥਾ ਸੀ ਵਕਤ ਸਿਰ ਭੱਜ ਬੇਲੀ।

**ਤੀਸ ਮਾਰ ਖਾਂ**

## ਲੁਧਿਆਣਾ ਵਿਖੇ ਮਨਾਇਆ ਗਿਆ ਭਾਸ਼ਾ ਵਿਭਾਗ, ਪੰਜਾਬ ਸਥਾਪਨਾ ਦਿਵਸ

ਲੁਧਿਆਣਾ, 2 ਜਨਵਰੀ (ਗਿਆਨ ਸਿੰਘ): ਪੰਜਾਬ ਸਰਕਾਰ ਜਿੱਥੇ ਸਿਹਤ ਅਤੇ ਸਿੱਖਿਆ ਪ੍ਰਤੀ ਸੰਜੀਦਗੀ ਨਾਲ ਕੰਮ ਕਰ ਰਹੀ ਹੈ ਉੱਥੇ ਭਾਸ਼ਾ ਅਤੇ ਸਾਹਿਤ ਪ੍ਰਤੀ ਵੀ ਆਪਣੀ ਬਣਦੀ ਭੂਮਿਕਾ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਯਤਨਸ਼ੀਲ ਹੈ। ਇਨਾਂ ਯਤਨਾਂ ਵਜੋ ਜ਼ਿਲ੍ਹਾ ਭਾਸ਼ਾ ਦਫ਼ਤਰ, ਲੁਧਿਆਣਾ ਵੱਲੋਂ ਭਾਸ਼ਾ ਵਿਭਾਗ, ਪੰਜਾਬ ਦਾ 75ਵਾਂ ਸਥਾਪਨਾ ਦਿਵਸ ਬਹੁਤ ਹੀ ਸੁਚੱਜੇ ਅਤੇ ਵਿਉਂਤਬੱਧ ਤਰੀਕੇ ਨਾਲ ਮਨਾਇਆ ਗਿਆ।



ਜ਼ਿਲ੍ਹਾ ਭਾਸ਼ਾ ਅਫ਼ਸਰ ਡਾ.ਸੰਦੀਪ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮਾਗਮ ਵਿੱਚ ਲੁਧਿਆਣਾ ਜ਼ਿਲ੍ਹੇ ਦੇ ਭਾਸ਼ਾ ਵਿਭਾਗ ਦੇ ਸੇਵਾ ਮੁਕਤ ਕਰਮਚਾਰੀਆਂ ਨੇ ਉਚੇਚੇ ਤੌਰ ਤੇ ਭਾਗ ਲਿਆ। ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਆਏ ਹੋਏ ਮਹਿਮਾਨਾਂ ਨੂੰ 'ਜੀ ਆਇਆਂ' ਆਖਦਿਆਂ ਨਵੇਂ ਸਾਲ ਅਤੇ ਭਾਸ਼ਾ ਵਿਭਾਗ, ਪੰਜਾਬ ਦੇ 75ਵੇਂ ਸਥਾਪਨਾ ਦਿਵਸ ਦੀ ਵਧਾਈ ਦਿੱਤੀ। ਇਸ ਤੋਂ ਬਾਅਦ ਉਨ੍ਹਾਂ ਨੇ ਭਾਸ਼ਾ ਵਿਭਾਗ ਦੇ ਗੌਰਵਮਈ ਇਤਿਹਾਸ, ਪ੍ਰਾਪਤੀਆਂ ਅਤੇ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਭਾਸ਼ਾ ਵਿਭਾਗ ਦਾ ਪ੍ਰਕਾਸ਼ਨਾ ਦੇ ਖੇਤਰ ਵਿੱਚ ਬਹੁਤ ਵਡਮੁੱਲਾ ਕਾਰਜ ਰਿਹਾ ਹੈ। ਇਸ ਵਿੱਚ ਸਿਰਜਨਾਤਮਿਕ ਸਾਹਿਤ ਦੇ ਨਾਲ ਨਾਲ ਕੋਸ਼ਕਾਰੀ, ਬਾਲ ਸਾਹਿਤ, ਕਲਾਸਕੀ ਸਾਹਿਤ ਦਾ ਅਨੁਵਾਦ, ਸੰਪਾਦਨਾ ਅਤੇ ਭਾਸ਼ਾ ਵਿਭਾਗ ਦੇ ਚਾਰ ਰਸਾਲੇ (ਪੰਜਾਬੀ ਦੁਨੀਆ, ਜਨ ਸਾਹਿਤ, ਪੰਜਾਬ ਸੌਰਭ ਅਤੇ ਪ੍ਰਵਾਜ਼-ਏ-ਅਦਬ) ਜ਼ਿਕਰਯੋਗ ਕਾਰਜ ਹਨ। ਇਸ ਤੋਂ ਇਲਾਵਾ ਭਾਸ਼ਾ ਵਿਭਾਗ ਵੱਲੋਂ ਸਾਹਿਤ ਸਿਰਜਣ, ਸਾਹਿਤ ਸਭਾਵਾਂ ਨਾਲ ਮਿਲਕੇ ਸਾਹਿਤਕ ਸਮਾਗਮ ਕਰਵਾਉਣੇ, ਪੰਜਾਬੀ ਪ੍ਰਚਾਲਣ, ਉਰਦੂ ਆਮੋਜ਼ ਦੇ ਕੋਰਸ ਦੀ ਸਿਖਲਾਈ ਲਈ ਕਲਾਸਾਂ ਅਤੇ ਵੱਖ-ਵੱਖ ਵਿੱਦਿਅਕ ਸੰਸਥਾਵਾਂ ਵਿੱਚ ਭਾਸ਼ਾ ਮੰਚਾਂ ਰਾਹੀਂ ਸਾਹਿਤਕ ਅਤੇ ਕਲਾਤਮਿਕ ਸਮਾਗਮ ਕਰਵਾਉਣਾ ਵੀ ਵਿਭਾਗ ਦੀਆਂ ਗਤੀਵਿਧੀਆਂ ਦਾ ਪ੍ਰਮੁੱਖ ਹਿੱਸਾ ਹੈ। ਪਿਛਲੇ ਸਾਲ ਜ਼ਿਲ੍ਹਾ ਭਾਸ਼ਾ ਦਫ਼ਤਰ, ਲੁਧਿਆਣਾ ਵੱਲੋਂ ਵੱਖ-ਵੱਖ ਵਿਧਾਵਾਂ ਦੇ ਸਾਹਿਤਕ ਸਮਾਗਮ ਕਰਵਾਏ ਗਏ। ਇਸ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸ.ਹਰਪਾਲ ਸਿੰਘ ਸਿੱਧੂ ਰਿਟਾ.ਸੰਯੁਕਤ ਡਾਇਰੈਕਟਰ ਭਾਸ਼ਾ ਵਿਭਾਗ ਨੇ ਭਾਸ਼ਾ ਵਿਭਾਗ ਨਾਲ਼ ਸੰਬੰਧਤ ਆਪਣੇ ਅਨੁਭਵ ਸਾਂਝੇ ਕੀਤੇ । ਉਹਨਾਂ ਕਿਹਾ ਕਿ ਹਰ ਦੌਰ ਵਿੱਚ ਪੰਜਾਬੀ ਭਾਸ਼ਾ ਦੇ ਦਰਪੇਸ਼ ਚੁਣੌਤੀਆਂ ਦਾ ਭਾਸ਼ਾ ਵਿਭਾਗ ਪੰਜਾਬ ਨੇ ਬਹੁਤ ਸੁਹਿਰਦਤਾ ਨਾਲ਼ ਸਾਹਮਣਾ ਕੀਤਾ ਹੈ।

ਬਤੌਰ ਵਿਸ਼ੇਸ਼ ਮਹਿਮਾਨ ਹਾਜ਼ਰ ਹੋਏ ਮਨਦੀਪ ਕੌਰ ਭੰਮਰਾ, ਚੇਅਰਪਰਸਨ ਚਿੰਤਨਸ਼ੀਲ ਸਿਰਜਣਧਾਰਾ ਨੇ ਪੰਜਾਬੀ ਭਾਸ਼ਾ ਦੀ ਮੌਜੂਦਾ ਸਥਿਤੀ ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਭਾਸ਼ਾ ਵਿਭਾਗ ਦੇ ਗੌਰਵਮਈ ਇਤਿਹਾਸ ਦਾ ਜ਼ਿਕਰ ਕੀਤਾ। ਸਾਹਿਤਕ ਰਸਾਲੇ 'ਨਜ਼ਰੀਆ' ਦੇ ਮੁੱਖ ਸੰਪਾਦਕ ਡਾ.ਗੁਲਜ਼ਾਰ ਪੰਧੇਰ ਨੇ ਕਿਹਾ ਕਿ ਭਾਸ਼ਾ ਵਿਭਾਗ ਅਤੇ ਸਾਹਿਤਕ ਜੱਥੇਬੰਦੀਆਂ ਮਿਲ ਕੇ ਪੰਜਾਬੀ ਭਾਸ਼ਾ ਦੀ ਬਿਹਤਰੀ ਲਈ ਯਤਨ ਕਰਨ।

ਭਾਸ਼ਾ ਵਿਭਾਗ ਦੇ ਸਾਬਕਾ ਕਰਮਚਾਰੀਆਂ ਜਸਵੀਰ ਕੌਰ ਅਤੇ ਭੁਪਿੰਦਰਜੀਤ ਕੌਰ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਮੰਚ ਸੰਚਾਲਨ ਦੀ ਭੂਮਿਕਾ ਸੰਦੀਪ ਸਿੰਘ ਖੋਜ ਅਫ਼ਸਰ ਨੇ ਨਿਭਾਈ । ਇਸ ਮੌਕੇ ਮੁਨੀਸ਼ ਕੁਮਾਰ ਮੈਨੇਜਰ ਖੇਤਰੀ ਡੀਪੂ ਪੰਜਾਬ ਸਕੂਲ ਸਿੱਖਿਆ ਬੋਰਡ, ਸੁਮਿਤ ਗੁਲਾਟੀ ਚੇਤਨਾ ਪ੍ਰਕਾਸ਼ਨ, ਸੁਖਦੀਪ ਸਿੰਘ ਕਲਰਕ, ਰਾਜੀਵ ਸ਼ਰਮਾ ਆਦਿ ਹਾਜ਼ਰ ਸਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਦੇਸ਼ ਦੇ ਹਾਲਾਤ ਜੋ ਵੀ ਹੋਣ, ਵਿਸ਼ਵ-ਗੁਰੂ ਬਣਨ ਤੁਰੇ ਭਾਰਤ ਦੇ ਲੋਕਾਂ ਨੂੰ ਨਵਾਂ ਸਾਲ ਮੁਬਾਰਕ

ਜਤਿੰਦਰ ਪਨੂੰ ਦੀ ਕਲਮ ਤੋਂ



ਇੱਕੀਵੀਂ ਸਦੀ ਦਾ ਤੇਈਵਾਂ ਸਾਲ ਸਾਡੀ ਬਾਂਹ ਫੜ ਕੇ ਤੁਰ ਪਿਆ ਹੈ। ਬਹੁਤ ਸਾਰੇ ਲੋਕ ਕਈ ਦਿਨ ਪਹਿਲਾਂ ਤੋਂ ਇਸ ਦੀ ਉਡੀਕ ਅਤੇ ਇਸ ਦੇ ਸਵਾਗਤ ਲਈ ਪੱਬਾਂ ਭਾਰ ਹੋਏ ਸਨ। ਉਨ੍ਹਾਂ ਵਰਗਿਆਂ ਦੀ ਇਹ ਤੀਬਰਤਾ ਪਹਿਲਾਂ ਕਈ ਵਾਰੀ ਵੇਖੀ ਹੋਈ ਹੈ ਅਤੇ ਜਦੋਂ ਤੱਕ ਜਿੰਦਾ ਰਹੇ, ਏਸੇ ਤਰ੍ਹਾਂ ਵੇਖਦੇ ਰਹਾਂਗੇ। ਸਾਨੂੰ ਇਸ ਤੀਬਰਤਾਬਾਰੇ ਇੱਕ ਪੁਰਾਣੀ ਘਟਨਾ ਯਾਦ ਆਉਂਦੀ ਹੈ। ਓਦੋਂ ਰਾਜੀਵ ਗਾਂਧੀ ਭਾਰਤ ਦਾ ਪ੍ਰਧਾਨ ਮੰਤਰੀ ਹੁੰਦਾ ਸੀ ਤੇ ਉਹ ਰਾਤ-ਦਿਨ ਇੱਕੋ ਰੱਟ ਲਾ ਰੱਖਦਾ ਸੀ ਕਿ ਇੱਕੀਵੀਂ ਸਦੀ ਆਉਣ ਵਾਲੀ ਹੈ। ਅਸੀਂ ਓਦੋਂ ਲਿਖਿਆ ਸੀ ਕਿ ਰਾਜੀਵ ਗਾਂਧੀ ਆਖੇ ਜਾਂ ਨਾ ਆਖੇ, ਕੋਈ ਫਰਕ ਨਹੀਂ ਪੈਣਾ, ਇੱਕੀਵੀਂ ਸਦੀ ਨੇ ਤਾਂ ਕੈਲੰਡਰ ਦੇ ਹਿਸਾਬ ਨਾਲ ਹੀ ਆਉਣਾ ਹੈ। ਜਦੋਂ ਇੱਕੀਵੀਂ ਸਦੀ ਆਈ, ਓਦੋਂ ਤੱਕ ਰਾਜੀਵ ਗਾਂਧੀ ਨੂੰ ਸੰਸਾਰ ਵਿੱਚੋਂਗਿਆਂ ਸਾਢੇ ਨੌਂ ਸਾਲ ਹੋ ਚੁੱਕੇ ਸਨ। ਇਹ ਦੱਸ ਸਕਣ ਦੇ ਸਮਰੱਥ ਕੋਈ ਵਿਅਕਤੀ ਸਾਨੂੰ ਨਹੀਂ ਲੱਭਦਾ ਕਿ ਭਲਕ ਨੂੰ ਜਾਂ ਹੋਰ ਕੁਝ ਘੰਟਿਆਂ ਜਾਂ ਪਲਾਂ ਨੂੰ ਕੀ ਵਾਪਰ ਸਕਦਾ ਹੈ, ਇਸ ਦੇ ਬਾਵਜੂਦ ਬਹੁਤ ਕਾਹਲੇ ਲੋਕ ਏਦਾਂ ਦੇ ਅੰਦਾਜ਼ੇ ਲਾਉਣ ਤੇ ਹੋਰ ਲੋਕਾਂ ਨੂੰ ਦੱਸਣ ਲੱਗੇ ਰਹਿੰਦੇ ਹਨ। ਫਿਰ ਵੀ ਆਸ ਨਾਲ ਜਹਾਨ ਕਾਇਮ ਦੇ ਪੁਰਾਣੇ ਮੁਹਾਵਰੇ ਵਾਂਗ ਜਦ ਤੱਕ ਜਿੰਦਾ ਰਹਿਣਾ ਹੈ, ਆਸ ਵੀ ਰਹਿਣੀ ਹੈ ਤੇ ਕਿਆਫੇ ਵੀ ਲੱਗਦੇ ਰਹਿਣਗੇ।

ਪਿਛਲਿਆਂ ਸਾਲਾਂ ਵਿੱਚ ਜੋ ਕੁਝ ਵਾਪਰਦਾ ਰਿਹਾ ਹੈ, ਬਾਅਦ ਵਿੱਚ ਭਾਵੇਂ ਬਹੁਤ ਸਾਰੇ ਸੱਜਣ ਇਹ ਕਹਿਣ ਵਾਲੇ ਮਿਲ ਜਾਂਦੇ ਰਹੇ ਸਨ ਕਿ ਸਾਨੂੰ ਪਤਾ ਸੀ ਕਿ ਇਹੋ ਹੋਵ-ੇਗਾ, ਪਰ ਕੁਝ ਖਾਸ ਮੌਕੇ ਹੀ ਹੁੰਦੇ ਹਨ, ਜਦੋਂ ਏਦਾਂ ਦੀ ਸੰਭਾਵਨਾ ਹੁੰਦੀ ਹੈ ਕਿ ਅੰਦਾਜ਼ਾ ਸਹੀ ਨਿਕਲੇ, ਬਹੁਤੀ ਵਾਰੀ ਅੰਦਾਜ਼ੇ ਤੇ ਸੁਫਨੇ ਸਹੀ ਨਹੀਂ ਨਿਕਲਦੇ ਹੁੰਦੇ। ਰਾਜਸੀ ਆਗੂ ਆਪਣੇ ਪੈਰੋਕਾਰਾਂ ਨੂੰ ਸੁਫਨੇ ਵਿਖਾਉਂਦੇ ਹਨ ਅਤੇ ਪੈਰੋਕਾਰ ਅੱਗੇ ਪ੍ਰਚਾਰਦੇ ਹਨ ਅਤੇ ਕਈ ਵਾਰੀ ਇਹੋ ਜਿਹੇ ਸੁਫਨੇ ਪ੍ਰਚਾਰਦੇ ਹਨ, ਜਿਹੜੇ ਅਸਮਾਨ ਵਿੱਚੋਂ ਚੰਦ-ਤਾਰੇ ਤੋੜ ਲਿਆਉਣ ਵਰਗੇ ਹੁੰਦੇ ਹਨ। ਕਿਸੇ ਇੱਕ ਪਾਰਟੀ ਜਾਂ ਧਿਰ ਦੀ ਗੱਲ ਨਹੀਂ ਕਰਨੀ ਚਾਹੀਦੀ, ਏਥੇ ਸਾਰੀਆਂ ਰਾਜ ਕਰਦੀਆਂ, ਰਾਜ ਕਰ ਚੁੱਕੀਆਂ ਜਾਂ ਰਾਜ ਕਰਨ ਲਈ ਤਾਂਘਦੀਆਂ ਧਿਰਾਂ ਦਾ ਇੱਕੋ ਹਾਲ ਹੈ ਕਿ ਸੁਫਨੇ ਵਿਖਾਈ ਜਾਉ, ਅਮਲ ਵਿੱਚ ਕੁਝ ਕਰਨ ਦੀ ਚਿੰਤਾ ਹੀ ਨਾ ਕਰੋ। ਇਸ ਦੀ ਚਰਚਾ ਚੱਲਦੀ ਹੈ ਤਾਂ ਜੋ ਸੁਣਨ ਨੂੰ ਮਿਲਦਾ ਹੈ, ਉਹ ਅਸੀਂ ਪਿਛਲੇ ਦਿਨੀਂ ਇੱਕ ਮੀਡੀਆ ਚੈਨਲ ਦੀ ਬਹਿਸ ਵਿੱਚ ਵੇਖਿਆ ਹੈ। ਕੇਂਦਰ ਵਿੱਚ ਰਾਜ ਕਰਦੀ ਭਾਰਤੀ ਜਨਤਾ ਪਾਰਟੀ ਦੇ ਇੱਕ ਆਗੂ ਨੇ ਪੰਜਾਬ ਵਿੱਚ ਰਾਜ ਕਰਦੀ ਆਮ ਆਦਮੀ ਪਾਰਟੀ ਦੇ ਆਗੂ ਨੂੰ ਵੰਗਾਰ ਕੇ ਕਿਹਾ ਕਿ ਤੁਹਾਡੀ ਪਾਰਟੀ ਨੇ ਹਰ ਘਰੇਲੂ ਔਰਤ ਨੂੰ ਇੱਕ-ਇੱਕ ਹਜ਼ਾਰ ਰੁਪਏ ਮਹੀਨਾ ਭੇਜਣ ਦੀ ਗੱਲ ਕਹੀ ਸੀ ਤੇ ਉਹ ਅੱਜ ਤੱਕ ਭੇਜੇ ਨਹੀਂ ਗਏ, ਇਸ ਦਾ ਤੁਹਾਡੇ ਕੋਲ ਕੋਈ ਜਵਾਬ ਨਹੀਂ ਹੈ। ਅਗਲੇ ਨੇ ਹੱਸ ਕੇ ਕਿਹਾ, ਕੌਣ ਕਹਿੰਦਾਹੈ ਕਿ ਜਵਾਬ ਕੋਈ ਨਹੀਂ, ਅੱਠ ਸਾਲ ਪਹਿਲਾਂ ਤੁਹਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਰ ਪਰਵਾਰ ਨੂੰ ਪੰਦਰਾਂ ਲੱਖ ਰੁਪਏ ਭੇਜਣ ਦਾ ਵਾਅਦਾ ਕੀਤਾ ਸੀ, ਅਸੀਂ ਉਨ੍ਹਾਂ ਦਾ ਰਸਤਾ ਨਹੀਂ ਕੱਟਣਾ ਚਾਹੁੰਦੇ, ਪਹਿਲਾਂ ਲੋਕਾਂ ਕੋਲ ਉਹ ਪੰਦਰਾਂ-ਪੰਦਰਾਂ ਲੱਖ ਚਲੇ ਜਾਣ ਦਿਉ, ਫਿਰ ਅਸੀਂ ਵੀ ਇੱਕ-ਇੱਕ ਹਜ਼ਾਰ ਭੇਜ ਦਿਆਂਗੇ। ਭਾਜਪਾ ਆਗੂ ਵਾਲਾ ਸਵਾਲ ਵੀ ਠੀਕ ਸੀ, ਆਮ ਆਦਮੀ ਪਾਰਟੀ ਦੇ ਆਗੂ ਦਾ ਜਵਾਬ ਵੀ ਉਸ ਤੋਂ ਊਣਾ ਨਹੀਂ ਸੀ, ਪਰ ਆਮ ਲੋਕ ਦੋਵਾਂ ਦੇ ਸਵਾਲ-ਜਵਾਬ ਨਹੀਂ ਸੁਣਨਾ ਚਾਹੁੰਦੇ, ਉਹ ਤਾਂ ਕੀਤੇ ਗਏ ਵਾਅਦਿਆਂ ਉੱਤੇ ਅਮਲ ਹੁੰਦਾ ਵੇਖਣਾ ਚਾਹੁੰਦੇ ਹਨ।

ਸਰਕਾਰ ਇੱਕ ਪਾਰਟੀ ਦੀ ਬਣ ਜਾਵੇ ਜਾਂ ਦੂਸਰੀ ਦੀ, ਵਾਅਦਿਆਂ ਦਾ ਪਰਾਗਾ ਸਾਰਿਆਂ ਨੇ ਚੋਖੀ ਖੁੱਲ੍ਹਦਿਲੀ ਨਾਲ ਲੋਕਾਂ ਦੀ ਝੋਲੀ ਪਾਇਆ ਹੈ, ਅਮਲ ਵਿੱਚ ਦੱਸੇ ਗਏ ਕੰਮ ਕਦੀ ਵੀ ਬਹੁਤੇ ਨਹੀਂ ਹੋਏ। ਇੰਦਰਾ ਗਾਂਧੀ ਨੇ ਜਦੋਂ ਗਰੀਬੀ ਹਟਾਉ ਦਾ ਨਾਅਰਾ ਲਾਇਆ ਸੀ, ਲੋਕ ਉਸ ਨਾਅਰੇ ਪਿੱਛੇ ਵੀ ਕਤਾਰਾਂ ਬੰਨ੍ਹ ਖੜੋਤੇ ਸਨ, ਪਰ ਚੋਣਾਂ ਜਿੱਤ ਜਾਣ ਮਗਰੋਂ ਗਰੀਬੀ ਹਟਾਉਣ ਦੀ ਥਾਂ ਐਮਰਜੈਂਸੀ ਠੋਸ ਕੇ ਰਾਜਧਾਨੀ ਦਿੱਲੀ ਵਿੱਚ ਗਰੀਬਾਂ ਨੂੰ ਹਟਾਉਣ ਦਾ ਕੰਮ ਛੋਹ ਦਿੱਤਾ ਗਿਆ ਸੀ। ਉਹ ਦਿਨ ਅਤੇ ਆਹ ਦਿਨ, ਹਰ ਸਰਕਾਰ ਨੂੰ ਇਹੋ ਕੁਝ ਕਰਦੇ ਵੇਖਦੇ ਰਹੇ ਹਾਂ। ਪ੍ਰਧਾਨ ਮੰਤਰੀ ਬਣਨ ਤੋਂ ਪਹਿਲਾਂ ਨਰਿੰਦਰ ਮੋਦੀ ਨੇ ਵੀਹ ਸੌ ਬਾਈ ਦਾ ਸਾਲ ਆਉਣ ਤੱਕ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਐਲਾਨ ਕੀਤਾ ਸੀ, ਪਿਛਲੇ ਸਾਲ ਇਸ ਬਾਰੇ ਇੱਕ ਸੂਚਨਾ ਅਧਿਕਾਰ ਵਰਕਰ ਨੇ ਫੀਸ ਦੇ ਕੇ ਪੁੱਛ ਲਿਆ ਕਿ ਕਿੰਨਾ ਕੁ ਕੰਮ ਹੋ ਗਿਆ ਹੈ ਤਾਂ ਅੱਗੋਂ ਜਵਾਬ ਮਿਲਿਆ ਕਿ ਪ੍ਰਧਾਨ ਮੰਤਰੀ ਦਫਤਰ ਵਿੱਚ ਏਦਾਂ ਦੀ ਕੋਈ ਸਕੀਮ ਹੀ ਵਿਚਾਰ ਅਧੀਨ ਨਹੀਂ ਹੈ।

ਜਿਹੜਾ ਭਾਰਤ ਕਦੇ ਸੋਨੇ ਦੀ ਚਿੜੀ ਅਖਵਾਉਂਦਾ ਸੀ, ਉਹ ਅੱਜ ਵੀ ਸੋਨੇ ਦੀ ਚਿੜੀ ਬਣ ਸਕਦਾ ਹੈ, ਪਰ ਇਸ ਦੇ ਖੰਭ ਕੁਤਰਨ ਵਾਲੇ ਹਰ ਸਰਕਾਰ ਦੇ ਵਕਤ ਬਾਜ਼ ਵਾਲਾ ਝਪੱਟਾ ਮਾਰਦੇ ਹਨ ਅਤੇ ਹਰ ਰੰਗ ਦੀ ਸਰਕਾਰ ਉਸ ਵਕਤ ਕੁਝ ਕਰਨ ਦੀ ਥਾਂ ਬਾਅਦ ਵਿੱਚ ਕਾਰਵਾਈ ਕਰਨ ਦਾ ਭਰਮ ਪਾ ਕੇ ਲੋਕਾਂ ਦਾ ਦਿਲ ਪਰਚਾ ਦੇਂਦੀ ਹੈ। ਨਰਸਿਮਹਾ ਰਾਉ ਦੀ ਸਰਕਾਰ ਦੇ ਵਕਤ ਹਰਸ਼ਦ ਮਹਿਤਾ ਵਰਗਿਆਂ ਵੱਲੋਂ ਭਾਰਤ ਦੀ ਆਰਥਿਕਤਾ ਨੂੰ ਝੰਜੋੜ ਦੇਣ ਦੀ ਘਟਨਾ ਵੀ ਵਾਪਰੀ ਸੀ, ਸਰਕਾਰ ਨੇ ਬਹੁਤ ਕੁਝ ਕਰਨ ਦੇ ਦਾਅਵੇ ਕੀਤੇ ਸਨ, ਪਰ ਪਿੱਛੋਂ ਕੁਝ ਖਾਸ ਨਹੀਂ ਸੀ ਹੋਇਆ। ਰਿਜ਼ਰਵ ਬੈਂਕ ਦੇ ਹੁਕਮ ਉੱਤੇ ਭਾਰਤ ਦੇ ਕਰੰਸੀ ਨੋਟ ਛਾਪਣ ਵਾਲੀਆਂ ਮਸ਼ੀਨਾਂ ਕੰਡਮ ਹੋਣ ਪਿੱਛੋਂ ਬਾਜ਼ਾਰ ਵਿੱਚ ਵੇਚਣ ਦੀ ਪਾਬੰਦੀ ਹੋਣ ਦੇ ਬਾਵਜੂਦ ਅਬਦੁਲ ਕਰੀਮ ਤੇਲਗੀ ਦੀ ਟੋਲੀ ਨੇ ਉਹ ਮਸ਼ੀਨਾਂ ਖਰੀਦ ਕੇ ਨੋਟ ਅਤੇ ਅਸ਼ਟਾਮ (ਸਟੈਂਪ ਪੇਪਰ) ਛਾਪਣੇ ਆਰੰਭ ਕਰ ਦਿੱਤੇ। ਸਰਕਾਰੀ ਪ੍ਰੈੱਸ ਵਿੱਚ ਇਹ ਕੰਮ ਕਰਨ ਵਾਲੇ ਕਾਰਿੰਦੇ ਨੌਕਰੀ ਕਰਦਿਆਂ ਜਾਂ ਰਿਟਾਇਰ ਹੋਣ ਪਿੱਛੋਂ ਵੀ ਕਿਸੇ ਥਾਂ ਛਪਾਈ ਦੇ ਕੰਮ ਵਿੱਚ ਸ਼ਾਮਲ ਨਹੀਂ ਹੋ ਸਕਦੇ, ਇਸ ਕਾਨੂੰਨ ਦੀ ਉਲੰਘਣਾ ਕਰ ਕੇ ਉਹੀ ਕਾਰਿੰਦੇ ਉਨ੍ਹਾਂ ਹੀ ਮਸ਼ੀਨਾਂ ਉੱਤੇ ਅਬਦੁਲ ਕਰੀਮ ਤੇਲਗੀ ਲਈ ਨੋਟ ਛਾਪਦੇ ਰਹੇ, ਕਿਸੇ ਤੋਂ ਰੋਕਿਆ ਨਹੀਂ ਸੀ ਗਿਆ। ਅਟਲ ਬਿਹਾਰੀ ਵਾਜਪਾਈ ਦੀ ਸਰਕਾਰ ਵੇਲੇ ਖਜ਼ਾਨਾ ਮੰਤਰੀ ਨੇ ਪਾਰਲੀਮੈਂਟ ਵਿੱਚ ਮੰਨਿਆ ਕਿ ਤੇਲਗੀ ਦੀ ਲਾਈ ਜਾਅਲੀ ਪ੍ਰੈੱਸ ਵਿੱਚ ਛਾਪੇ ਗਏ ਬੱਤੀ ਹਜ਼ਾਰ ਕਰੋੜ ਰੁਪਏ ਕੀਮਤ ਦੇ ਅਸ਼ਟਾਮ ਪੇਪਰ ਅੱਗੋਂ ਸਰਕਾਰੀ ਵਿਭਾਗਾਂ ਤੇ ਕਚਹਿਰੀ ਵਿੱਚ ਆਉਂਦੇ ਆਮ ਲੋਕਾਂ ਨੂੰ ਵੀ ਵੇਚੇ ਜਾ ਚੁੱਕੇ ਹਨ ਅਤੇ ਇਹ ਪੇਪਰ ਸਰਕਾਰੀ ਕੰਮਾਂ ਵਿੱਚ ਵੀ ਵਰਤੇ ਗਏ ਹਨ। ਅਗਲੀ ਗੱਲ ਉਨ੍ਹਾ ਇਹ ਕਹਿ ਦਿੱਤੀ ਕਿ ਪਤਾ ਹੋਣ ਦੇ ਬਾਵਜੂਦ ਅਸੀਂ ਕੁਝ ਨਹੀਂ ਕਰ ਸਕਦੇ, ਜਿੰਨੇ ਜਾਅਲੀ ਕਾਗਜ਼ਾਂ ਦੀ ਵਰਤੋਂ ਹੋ ਚੁੱਕੀ ਹੈ, ਉਹ ਸਾਰੇ ਵਿਭਾਗਾਂ ਨੂੰ ਜਾਇਜ਼ ਮੰਨਣ ਲਈ ਕਹਿ ਦਿੱਤਾ ਗਿਆ ਹੈ। ਬੜੀ ਕਮਾਲ ਦੀ ਗੱਲ ਸੀ ਕਿ ਕਾਂਗਰਸ ਦੇ ਰਾਜ ਵਿੱਚ ਘਪਲਾ ਸ਼ੁਰੂ ਹੋਇਆ ਅਤੇ ਭਾਜਪਾ ਰਾਜ ਵਿੱਚ ਉਸ ਉੱਤੇ ਟੋਕਰਾ ਮੂਧਾ ਮਾਰ ਕੇ ਗੱਲ ਮੁਕਾ ਦਿੱਤੀ ਗਈ।

ਨਰਿੰਦਰ ਮੋਦੀ ਸਾਹਿਬ ਦੇ ਆਉਣ ਤੋਂ ਪਹਿਲਾਂ ਦੁਨੀਆ ਭਰ ਵਿੱਚ ਅਕਲ ਅਤੇ ਈਮਾਨਦਾਰੀ ਲਈ ਪ੍ਰਸਿੱਧ ਆਗੂ ਡਾਕਟਰ ਮਨਮੋਹਨ ਸਿੰਘ ਦੀ ਕਮਾਂਡ ਹੇਠਭਾਰਤ ਦੀ ਓਦੋਂ ਤੱਕ ਦੀ ਸਭ ਤੋਂ ਵੱਧ ਭ੍ਰਿਸ਼ਟ ਸਰਕਾਰਹੁੰਦੀ ਸੀ। ਉਹ ਖੁਦ ਕੁਝ ਨਹੀਂ ਸੀ ਖਾਂਦਾ, ਪਰ ਬਾਕੀਆਂ ਨੂੰ ਖਾਣ ਤੋਂ ਨਹੀਂ ਸੀ ਰੋਕਦਾ। ਨਰਿੰਦਰ ਮੋਦੀ ਨੇ ਕਿਹਾ ਸੀ ਕਿ ਉਹ ਪ੍ਰਧਾਨ ਮੰਤਰੀ ਬਣ ਗਿਆ ਤਾਂ ਏਦਾਂ ਘਪਲੇ ਨਹੀਂ ਹੋਣ ਦੇਵੇਗਾ, ਪਰ ਉਸ ਦੇ ਰਾਜ ਵਿੱਚ ਘਪਲਿਆਂ ਦੀ ਲੜੀ ਟੁੱਟਣ ਦਾ ਨਾਂਅ ਨਹੀਂ ਲੈ ਰਹੀ। ਵਿਜੇ ਮਾ-ਲਿਆ, ਨੀਰਵ ਮੋਦੀ, ਲਲਿਤ ਮੋਦੀ ਅਤੇ ਉਸ ਪਿੱਛੋਂ ਚੰਦਾ ਕੋਚਰ ਦਾ ਕਿੱਸਾ ਨਿਕਲ ਪਿਆ ਹੈ। ਸਹਾਰਾ ਗਰੁੱਪ ਵਾਲੇ ਸੁਬਰਤੋ ਰਾਏ ਦਾ ਕੀ ਬਣਿਆ, ਜਿਹੜਾ ਬੱਤੀ ਹਜ਼ਾਰ ਕਰੋੜ ਦੀ ਠੱਗੀ ਭਾਰਤ ਦੇ ਲੋਕਾਂ ਨਾਲ ਕਰ ਗਿਆ ਸੀ, ਪਰਲਜ਼ ਗਰੀਨ ਵਾਲੇ ਨਿਰਮਲ ਸਿੰਘ ਭੰਗੂ ਦਾ ਕੀ ਬਣਿਆ, ਜਿਸ ਨੇ ਆਮ ਲੋਕਾਂ ਦਾ ਚਾਲੀ ਹਜ਼ਾਰ ਕਰੋੜ ਤੋਂ ਵੱਧ ਡਕਾਰ ਲਿਆ ਸੀ, ਕੋਈ ਪੁੱਛਣ ਵਾਲਾ ਨਹੀਂ ਲੱਭਦਾ। ਏਨੇ ਘਪਲਿਆਂ ਵਾਲੇ ਦੇਸ਼ ਦਾ ਪ੍ਰਧਾਨ ਮੰਤਰੀ ਜਦੋਂ ਇਹ ਕਹਿੰਦਾ ਹੈ ਕਿ ਭਾਰਤ ਵਿਸ਼ਵ-ਗੁਰੂ ਬਣਨ ਵਾਲੇ ਰਾਹ ਉੱਤੇ ਚੱਲ ਰਿਹਾ ਹੈ ਤਾਂ ਉਸ ਦੇ ਦਾਅਵੇ ਸੁਣ ਕੇ ਆਮ ਬੰਦਾ ਹੱਸਣ ਅਤੇ ਰੋਣ ਵਿੱਚੋਂ ਇੱਕ ਦੀ ਚੋਣ ਕਰਨ ਵਿੱਚ ਔਖ ਸਮਝਦਾ ਹੈ। ਇਹ ਹਾਲਤ ਕੇਂਦਰ ਸਰਕਾਰ ਜਾਂ ਪ੍ਰਧਾਨ ਮੰਤਰੀ ਦੇ ਮਾਮਲੇ ਵਿੱਚ ਹੀ ਨਹੀਂ, ਭਾਰਤ ਵਿੱਚ ਕੋਈ ਰਾਜ ਕਿਸੇ ਵੀ ਪਾਰਟੀ ਦੀ ਸਰਕਾਰ ਚਲਾਉਂਦੀ ਪਈ ਹੋਵੇ, ਸਾਰੇ ਥਾਂਈਂ ਇਹੋ ਕਿੱਸੇ ਸੁਣਨ ਨੂੰ ਮਿਲਦੇ ਹਨ। ਏਨੇ ਘਪਲਿਆਂ ਵਿੱਚ ਫਸਿਆ ਹੋਇਆ ਭਾਰਤ ਆਪਣੀ ਆਜ਼ਾਦ ਹੋਂਦ ਦੀ ਪੰਝੱਤਰਵੀਂ ਵਰ੍ਹੇਗੰਢ ਮਨਾ ਰਿਹਾ ਹੈ, ਜਿਸ ਨੂੰ 'ਅੰਮ੍ਰਿਤ-ਮਹਾਉਤਸਵ' ਕਿਹਾ ਜਾਂਦਾ ਹੈ ਅਤੇਏਦਾਂ ਦੇ ਮੌਕੇ ਦੇਸ਼ ਦਾ ਧਿਆਨ ਕਿਸੇ ਹੋਰ ਪਾਸੇ ਨਹੀਂ ਜਾਣਾ ਚਾਹੀਦਾ, ਇਸ ਕਰ ਕੇ ਹਾਲਾਤ ਜੋ ਵੀ ਹੋਣ,ਨਵੇਂਸਾਲ ਦਾ ਸਵਾਗਤ ਕਰਨਾ ਹੀ ਠੀਕ ਰਹੇਗਾ।

## ਮੋਗਾ ਵਿਖੇ ਭਾਸ਼ਾ ਵਿਭਾਗ ਪੰਜਾਬ ਦਾ 75ਵਾਂ ਸਥਾਪਨਾ ਦਿਵਸ ਸਮਾਗਮ, ਬਲਦੇਵ ਸਿੰਘ ਸੜਕਨਾਮਾ ਦਾ ਨਾਵਲ 'ਗ਼ਦਰੀ ਗੁਲਾਬ ਕੌਰ' ਲੋਕ ਅਪਰਣ

ਮੋਗਾ, 2 ਜਨਵਰੀ (ਗਿਆਨ ਸਿੰਘ): ਭਾਸ਼ਾ ਵਿਭਾਗ ਦੇ 75ਵੇਂ ਸਥਾਪਨਾ ਦਿਵਸ ਮੌਕੇ ਮੋਗਾ ਵਿਖੇ ਵਿਚਾਰ ਚਰਚਾ ਅਤੇ ਕਵੀ ਦਰਬਾਰ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਪ੍ਰਸਿੱਧ ਪੰਜਾਬੀ ਵਿਅੰਗਕਾਰ ਸ਼੍ਰੀ ਕੇ. ਐੱਲ. ਗਰਗ ਦੀ ਪ੍ਰਧਾਨਗੀ ਹੇਠ ਆਯੋਜਿਤ ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿਚ ਸ਼੍ਰੋਮਣੀ ਪੰਜਾਬੀ ਸਾਹਿਤਕਾਰ ਬਲਦੇਵ ਸਿੰਘ ਸੜਕਨਾਮਾ, ਗੁਰਬਚਨ ਸਿੰਘ ਚਿੰਤਕ ਅਤੇ ਪ੍ਰਸਿੱਧ ਕਹਾਣੀਕਾਰ ਗੁਰਮੀਤ ਕੜਿਆਲਵੀ ਸ਼ਾਮਿਲ ਹੋਏ। ਇਸ ਮੌਕੇ ਇਲਾਕੇ ਦੀਆਂ ਹੋਰ ਪ੍ਰਮੁੱਖ ਸਾਹਿਤਕ ਸ਼ਖ਼ਸੀਅਤਾਂ ਨੇ ਭਾਗ ਲਿਆ। ਸਮਾਗਮ ਦੀ ਸ਼ੁਰੂਆਤ ਭਾਸ਼ਾ ਵਿਭਾਗ, ਪੰਜਾਬ ਦੀ ਵਿਭਾਗੀ ਧੁਨੀ ਨਾਲ ਕੀਤੀ ਗਈ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ, ਡਾ. ਅਜੀਤਪਾਲ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਭਾਸ਼ਾ ਵਿਭਾਗ, ਪੰਜਾਬ ਦੁਆਰਾ ਰਾਜ ਭਾਸ਼ਾ ਪੰਜਾਬੀ ਦੀ ਸੰਭਾਲ ਅਤੇ ਤਰੱਕੀ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਅਤੇ ਜ਼ਿਲ੍ਹਾ ਭਾਸ਼ਾ ਦਫ਼ਤਰ, ਮੋਗਾ ਦੀਆਂ ਹੁਣ ਤੱਕ ਦੀਆਂ ਗਤੀਵਿਧੀਆਂ ਉੱਪਰ ਚਾਨਣਾ ਪਾਇਆ। ਇਸ ਮੌਕੇ ਭਾਸ਼ਾ ਵਿਭਾਗ ਦੀ ਬਣਤਰ ਅਤੇ ਗਤੀਵਿਧੀਆਂ ਨਾਲ ਸੰਬੰਧਿਤ ਵਿਸ਼ੇਸ਼ ਡਾਕੂਮੈਂਟਰੀ ਅਤੇ ਪੀ.ਪੀ.ਟੀ. ਪ੍ਰਸਤੁਤ ਕੀਤੀ ਗਈ। ਇਸ ਮੌਕੇ ਸ. ਬਲਦੇਵ ਸਿੰਘ ਸੜਕਨਾਮਾ ਦਾ ਨਵਾਂ ਨਾਵਲ 'ਗ਼ਦਰੀ ਗੁਲਾਬ ਕੌਰ' ਲੋਕ ਅਪਰਣ ਕੀਤਾ ਗਿਆ।

ਸਮਾਗਮ ਦੌਰਾਨ ਭਾਸ਼ਾ ਵਿਭਾਗ, ਪੰਜਾਬ ਦੇ ਸਥਾਪਨਾ ਦਿਵਸ ਸੰਬੰਧੀ ਕੀਤੀ ਗਈ ਵਿਚਾਰ ਚਰਚਾ ਵਿਚ ਕਹਾਣੀਕਾਰ ਜਸਵੀਰ ਕਲਸੀ, ਰੰਗਕਰਮੀ ਮੋਹੀ ਅਮਰਜੀਤ ਸਿੰਘ, ਗੁਰਮੇਲ ਸਿੰਘ ਬੌਡੇ, ਪਰਮਜੀਤ ਸਿੰਘ ਚੂਹੜਚੱਕ ਅਤੇ ਪ੍ਰਿੰਸੀਪਲ ਅਵਤਾਰ ਸਿੰਘ ਕਰੀਰ ਨੇ ਹਿੱਸਾ ਲਿਆ। ਸ਼੍ਰੀ ਕੇ. ਐੱਲ. ਗਰਗ ਨੇ ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਭਾਸ਼ਾ ਵਿਭਾਗ, ਪੰਜਾਬ ਦੇ 75ਵੇਂ ਸਥਾਪਨਾ ਦਿਵਸ ਮੌਕੇ ਸਭ ਨੂੰ ਵਧਾਈ ਦਿੰਦਿਆਂ ਕਿਹਾ ਕਿ ਭਾਸ਼ਾ ਵਿਭਾਗ, ਪੰਜਾਬ ਆਪਣੇ ਸਥਾਪਨਾ ਵਰ੍ਹੇ ਤੋਂ ਲੈ-ਕੇ ਮਾਂ ਬੋਲੀ ਪੰਜਾਬੀ ਦੀ ਸੇਵਾ ਅਤੇ ਸੰਭਾਲ ਲਈ ਨਿਰੰਤਰ ਯਤਨਸ਼ੀਲ ਹੈ। ਪੰਜਾਬ ਦੇ ਸਾਹਿਤਕਾਰਾਂ ਨਾਲ ਇਸ ਦਾ ਰਿਸ਼ਤਾ ਹਮੇਸ਼ਾਂ ਇਕ ਪਰਿਵਾਰ ਦੀ ਤਰ੍ਹਾਂ ਰਿਹਾ ਹੈ।

ਬਲਦੇਵ ਸਿੰਘ ਸੜਕਨਾਮਾ ਨੇ ਨਵੇਂ ਸਾਲ ਅਤੇ ਭਾਰਤ ਦੇਸ਼ ਨੂੰ ਸਮਰਪਿਤ ਕਵਿਤਾ ਪੇਸ਼ ਕੀਤੀ ਅਤੇ ਭਾਸ਼ਾ ਵਿਭਾਗ ਨਾਲ ਆਪਣੀ ਪੁਰਾਣੀ ਸਾਂਝ ਬਾਰੇ ਦੱਸਦਿਆਂ ਕਿਹਾ ਕਿ ਇਸ ਵਿਭਾਗ ਦੁਆਰਾ ਪੰਜਾਬ ਤੋਂ ਇਲਾਵਾ ਹੋਰਨਾਂ ਰਾਜਾਂ ਵਿਚ ਕਰਵਾਏ ਜਾਂਦੇ ਸਮਾਗਮ ਇਸ ਦੀ ਸਾਖ ਨੂੰ ਹੋਰ ਵੀ ਉਚੇਰਾ ਕਰਦੇ ਹਨ। ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਆਪਣੀ ਕਵਿਤਾ 'ਮੈਂ ਮੋਗੇ ਦਾ ਬੱਸ ਅੱਡਾ ਬੋਲਦਾ ਹਾਂ' ਸਾਂਝੀ ਕੀਤੀ ਅਤੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਭਾਸ਼ਾ ਵਿਭਾਗ ਨਾਲ ਮਿਲਕੇ ਪੰਜਾਬੀ ਲਾਗੂ ਕਰਵਾਉਣ ਵਾਲੀ ਮੁਹਿੰਮ ਸ਼ਲਾਘਾਯੋਗ ਹੈ। ਪਰਮਜੀਤ ਸਿੰਘ ਚੂਹੜਚੱਕ ਨੇ ਮੋਗਾ ਵਿਖੇ ਪੰਜਾਬੀ ਸਟੈਨੋਗ੍ਰਾਫ਼ੀ ਦੀਆਂ ਕਲਾਸਾਂ ਜਲਦੀ ਸ਼ੁਰੂ ਕਰਵਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਬਤੌਰ ਇੰਸਟ੍ਰਕਟਰ ਵਲੰਟੀਅਰ ਸੇਵਾਵਾਂ ਦੀ ਪੇਸ਼ਕਸ਼ ਕੀਤੀ।

ਸਮਾਗਮ ਦੌਰਾਨ ਕਰਵਾਏ ਗਏ ਕਵੀ ਦਰਬਾਰ ਵਿਚ ਰਣਜੀਤ ਸਰਾਂਵਾਲੀ, ਗੁਰਮੇਲ ਬੌਡੇ, ਜੰਗੀਰ ਖੋਖਰ, ਚਰਨਜੀਤ ਸਮਾਲਸਰ, ਅਵਤਾਰ ਸਮਾਲਸਰ, ਕਮਲਜੀਤ ਕੌਰ ਧਾਲੀਵਾਲ, ਕਰਮਜੀਤ ਕੌਰ, ਯਾਦਵਿੰਦਰ ਸਿੰਘ, ਕੁਲਵੰਤ ਸਿੰਘ ਧਾਲੀਵਾਲ, ਸ਼ਮਸ਼ੇਰ ਸਿੰਘ ਅਤੇ ਵਿਵੇਕ ਕੋਟ ਈਸੇ ਖਾਂ ਨੇ ਆਪਣੇ ਕਲਾਮ ਸਾਂਝੇ ਕੀਤੇ। ਇਨ੍ਹਾਂ ਤੋਂ ਇਲਾਵਾ ਸਮਾਗਮ ਦੌਰਾਨ ਰਾਹੁਲ (ਕਲਰਕ), ਅਮਰਪ੍ਰੀਤ ਕੌਰ, ਜਗਜੀਤ ਸਿੰਘ, ਵਜ਼ੀਰ ਸਿੰਘ, ਹਰਪ੍ਰੀਤ ਸਿੰਘ, ਤਰਸੇਮ ਸਿੰਘ, ਨਵਦੀਪ ਸਿੰਘ, ਸਾਹਿਲ ਆਦਿ ਸ਼ਾਮਿਲ ਸਨ।


NEED A LAWYER ??
Red Seal NOTARY
KAUR LAW OFFICE



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1



ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।
RSFO Ramgarhia Sikh Foundation of Ontario
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ



| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2

Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਪੁਲਿਸ ਕਮਿਸ਼ਨਰ ਵਲੋਂ ਸੀਨੀਅਰ ਅਧਿਕਾਰੀਆਂ ਅਤੇ ਫੋਰਸ ਨਾਲ ਕੰਮ ਕਰਨ ਸਬੰਧੀ ਬਣਾਈ ਰਣਨੀਤੀ

* ਨਵੇਂ ਸਾਲ ਦੇ ਪਹਿਲੇ ਕੰਮ ਵਾਲੇ ਦਿਨ ਜਨਰਲ ਪਰੇਡ ਵੀ ਕਰਵਾਈ





ਲੁਧਿਆਣਾ, 2 ਜਨਵਰੀ (ਗਿਆਨ ਸਿੰਘ ) ਕਮਿਸ਼ਨਰ ਪੁਲਿਸ ਲੁਧਿਆਣਾ ਸ: ਮਨਦੀਪ ਸਿੰਘ ਸਿੱਧੂ, ਆਈ।ਪੀ।ਐਸ। ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਪੁਲਿਸ ਵਿਭਾਗ ਵਿਚ ਅਨੁਸ਼ਾਸਨ ਨੂੰ ਬਰਕਰਾਰ ਰੱਖਣ ਲਈ ਅਤੇ ਪੁਲਿਸ ਨੂੰ ਸਰੀਰਿਕ/ਮਾਨਸਿਕ ਤੌਰ 'ਤੇ ਨਿਪੁੰਨ ਰੱਖਣ ਲਈ, ਨਵੇ ਸਾਲ ਦੇ ਪਹਿਲੇ ਸੋਮਵਾਰ ਨੂੰ ਪੁਲਿਸ ਲਾਈਨ ਲੁਧਿਆਣਾ ਵਿਖੇ ਪੁਲਿਸ ਅਧਿਕਾਰੀਆਂ/ਕਰਮਚਾਰੀਆ ਦੀ ਜਨਰਲ ਪ੍ਰੇਡ ਕਰਵਾਈ ਗਈ ਜਿਸ ਵਿੱਚ ਪੁਲਿਸ ਕਮਿਸ਼ਨਰੇਟ ਲੁਧਿਆਣਾ ਵਿਖੇ ਤਾਇਨਾਤ ਸਮੂਹ ਗਜਟਿਡ ਅਫਸਰ ਅਤੇ 651 ਪੁਲਿਸ ਕਰਮਚਾਰੀਆਂ ਨੇ ਹਿੱਸਾ ਲਿਆ।

ਪ੍ਰੇਡ ਵਿੱਚ ਹਿੱਸਾ ਲੈਣ ਵਾਲੇ ਸਾਰੇ ਪੁਲਿਸ ਅਧਿਕਾਰੀ/ਕਰਮਚਾਰੀਆਂ ਨੂੰ ਅਤੇ ਉਹਨਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਨਵੇਂ ਸਾਲ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਆਪਣੀ ਡਿਊਟੀ ਵਧੀਆ ਤਰੀਕੇ ਨਾਲ ਕਰਨ ਦੀ ਹਦਾਇਤ ਕੀਤੀ। ਨਵੇਂ ਸਾਲ ਦੇ ਸਬੰਧ ਵਿੱਚ ਤਨਦੇਹੀ ਨਾਲ ਡਿਊਟੀ ਕਰਨ ਲਈ ਸਾਰੀ ਪੁਲਿਸ ਫੋਰਸ ਨੂੰ ਸਾਬਾਸ਼ੀ ਦਿੱਤੀ ਗਈ। ਪ੍ਰੇਡ ਵਿੱਚ ਹਾਜਰ ਪੀ।ਸੀ।ਆਰ। ਕਰਮਚਾਰੀਆ ਦੀ ਵਧੀਆ ਕਾਰਗੁਜ਼ਾਰੀ ਕਰਕੇ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਦਾ ਮਨੋਬਲ ਵਧਾਇਆ ਗਿਆ। ਪੁਲਿਸ ਨੂੰ ਡਿਊਟੀ ਦੌਰਾਨ ਆਮ ਵਿਅਕਤੀਆਂ ਨਾਲ ਵਧੀਆ ਢੰਗ ਨਾਲ ਵਰਤਾਵ ਕਰਨ ਲਈ ਪ੍ਰੇਰਿਤ ਕੀਤਾ ਗਿਆ ਅਤੇ ਮਾੜੇ ਅਨਸਰਾਂ ਵਿਰੁਧ ਸਖਤੀ ਨਾਲ ਪੇਸ਼ ਆਉਣ ਦੀ ਹਦਾਇਤ ਕੀਤੀ ਗਈ।

ਕਮਿਸ਼ਨਰ ਪੁਲਿਸ ਲੁਧਿਆਣਾ ਵੱਲੋਂ ਸੁਚੱਜੇ ਢੰਗ ਨਾਲ ਡਿਊਟੀ ਕਰਨ ਅਤੇ ਵਧੀਆ ਕਾਰਜੁਗਾਰੀ ਕਰਨ ਵਾਲੇ ਪੁਲਿਸ ਕਰਮਚਾਰੀਆ ਦੀ ਹੋਂਸਲਾ ਅਫਜਾਈ ਲਈ ਕੁੱਲ 75 ਪੁਲਿਸ ਕਰਮਚਾਰੀਆ(34/NGOs ਅਤੇ 41/EPOs) ਨੂੰ ਪ੍ਰਸ਼ੰਸਾ ਪੱਤਰ ਦਰਜਾ-2 ਪ੍ਰਦਾਨ ਕਰਦਿਆਂ ਸਨਮਾਨਿਤ ਕੀਤਾ ਗਿਆ। ਸਾਈਬਰ ਕ੍ਰਾਇਮ ਕਰਨ ਵਾਲੇ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਵਿਚ ਅਹਿਮ ਭੂਮਿਕਾ ਨਿਭਾਉਣ ਵਾਲੇ 02 ਪੁਲਿਸ ਕਰਮਚਾਰੀਆ ਨੂੰ ਉਨ੍ਹਾਂ ਦੀ ਹੋਂਸਲਾ ਅਫਜਾਈ ਲਈ ਡੀ।ਜੀ।ਪੀ। ਡਿਸਕ ਦੇ ਨਾਲ ਸਨਮਾਨਿਤ ਕੀਤਾ ਗਿਆ।

ਇਸ ਤੋ ਇਲਾਵਾ ਕੜਾਕੇ ਦੀ ਠੰਡ ਹੋਣ ਦੇ ਬਾਵਜੂਦ ਪੁਲਿਸ ਜਵਾਨਾਂ ਨੇ ਜਨਰਲ ਪ੍ਰੇਡ ਕਰਕੇ ਆਪਣੇ ਉੱਚੇ ਮਨੋਬਲ ਦਾ ਪ੍ਰਦਰਸ਼ਨ ਕੀਤਾ, ਜਿਸ ਕਰਕੇ ਪ੍ਰੇਡ ਵਿੱਚ ਭਾਗ ਲੈਣ ਵਾਲੇ ਸਾਰੇ ਕਰਮਚਾਰੀਆਂ (ਕੁੱਲ 651) ਦੀ ਹੌਂਸਲਾ ਅਫਜਾਈ ਲਈ ਉਹਨਾਂ ਨੂੰ ਪ੍ਰਸ਼ੰਸਾ ਪੱਤਰ ਦਰਜਾ-3 ਦੇ ਕੇ ਸਨਮਾਨਿਤ ਕੀਤਾ ਗਿਆ।

# ਮਿੰਨੀ ਸਕੱਤਰੇਤ ਫਰੀਦਕੋਟ ਵਿਖੇ ਨਵੇਂ ਸਾਲ ਦੀ ਆਮਦ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ

* ਦਫਤਰੀ ਕੰਮ ਕਰਵਾਉਣ ਆਉਣ ਵਾਲੇ ਸਮੂਹ ਲੋਕਾਂ ਦੇ ਕੰਮਾਂ ਨੂੰ ਹੋਰ ਸੁਹਰਿਦਤਾ ਨਾਲ ਕੀਤਾ ਜਾਵੇ- ਸੰਧਵਾਂ * ਮਿੰਨੀ ਸਕੱਤਰੇਤ ਕੰਪਲੈਕਸ ਨੂੰ ਸਹੂਲਤਾਂ ਭਰਪੂਰ ਬਣਾਉਣ ਲਈ 7 ਲੱਖ ਰੁਪਏ ਦੀ ਗਰਾਂਟ ਦੇਣ ਦਾ ਕੀਤਾ ਐਲਾਨ







ਫਰੀਦਕੋਟ 2 ਜਨਵਰੀ (ਗਿਆਨ ਸਿੰਘ)- ਸਰਬ ਸਾਂਝੀ ਧਾਰਮਿਕ ਕਮੇਟੀ, ਮਿੰਨੀ ਸਕੱਤਰੇਤ ਫਰੀਦਕੋਟ ਵੱਲੋਂ ਅੱਜ ਨਵੇਂ ਸਾਲ ਦੀ ਆਮਦ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਮਿੰਨੀ ਸਕੱਤਰੇਤ ਵਿਖੇ ਕੰਮ ਕਰਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ, ਕਾਨੂੰਗੋ, ਪਟਵਾਰੀਆਂ, ਫੋਟੋ ਸਟੇਟ ਮੇਕਰਾਂ, ਟਾਈਪਿਸਟਾਂ, ਅਰਜੀ ਨਵੀਸਾਂ, ਨਕਸਾ ਨਵੀਸਾਂ, ਵਕੀਸਾਂ ਨਵੀਸਾਂ, ਅਸਟਾਮ ਫਰੋਸ਼, ਐਡਵੋਕੇਟਸ਼ ਅਤੇ ਸ਼ਹਿਰ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਅੱਜ ਸਵੇਰੇ ਖੁੱਲ੍ਹੇ ਪੰਡਾਲ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਭਾਈ ਚਰਨਜੀਤ ਸਿੰਘ ਚੰਨੀ ਤੇ ਸਾਥੀਆਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਭ ਨੇ ਮਿਲ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸਰਬ ਸਾਂਝੀ ਧਾਰਮਿਕ ਕਮੇਟੀ ਦੇ ਮੁੱਖ ਸੇਵਾਦਾਰ ਅਮਰੀਕ ਸਿੰਘ ਸੰਧੂ ਨੇ ਸਭ ਨੂੰ ਜੀ ਆਇਆ ਆਖਿਆ।

ਇਸ ਮੌਕੇ ਸ੍ਰੀ ਕੁਲਤਾਰ ਸਿੰਘ ਸੰਧਵਾ ਸਪੀਕਰ ਪੰਜਾਬ ਵਿਧਾਨ ਸਭਾ ਨੇ ਹਾਜ਼ਰੀਨ ਨੂੰ ਨਵੇਂ ਸਾਲ ਦੀ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਨੂੰ ਫਿਰ ਤੋਂ ਰੰਗਲਾਂ ਪੰਜਾਬ ਬਣਾਉਣ ਲਈ ਨਿਰੰਤਰ ਉਪਰਾਲੇ ਕਰ ਰਹੀ ਹੈ, ਸੋ ਸਾਰੇ ਅਧਿਕਾਰੀਆਂ ਕਰਮਚਾਰੀਆਂ ਨੂੰ ਵੀ ਤਨਦੇਹੀ ਨਾਲ ਪੰਜਾਬ ਵਾਸੀਆਂ ਦੀ ਸੇਵਾ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਾਡੇ ਕੋਲ ਦਫਤਰੀ ਕੰਮ ਕਰਵਾਉਣ ਆਉਣ ਵਾਲੇ ਸਮੂਹ ਲੋਕਾਂ ਦੇ ਕੰਮਾਂ ਨੂੰ ਹੋਰ ਸੁਹਰਿਦਤਾ ਨਾਲ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਮਿੰਨੀ ਸਕੱਤਰੇਤ ਕੰਪਲੈਕਸ ਦੀ ਸਫਾਈ, ਲੋੜੀਂਦੀ ਮੁਰੰਮਤ ਅਤੇ ਇੱਕ ਸ਼ਾਨਦਾਰ ਕੰਟੀਨ ਬਣਾਉਣ ਲਈ 7 ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ ਕੀਤਾ।

ਇਸ ਮੌਕੇ ਹਲਕੇ ਦੇ ਵਿਧਾਇਕ ਸ। ਗੁਰਦਿੱਤ ਸਿੰਘ ਸੇਖੋਂ ਨੇ ਸਮੂਹ ਮੁਲਾਜ਼ਮਾਂ ਨੂੰ ਨਵੇਂ ਸਾਲ ਦੀ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਹੁਣ ਤੱਕ ਉਨ੍ਹਾਂ ਨੂੰ ਕਿਸੇ ਮੁਲਾਜ਼ਮ ਪ੍ਰਤੀ ਆਮ ਲੋਕਾਂ ਵੱਲੋਂ ਕੋਈ ਸ਼ਿਕਾਇਤ ਪ੍ਰਾਪਤ ਨਹੀਂ ਹੋਈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਆਪਾਂ ਹੋਰ ਚੰਗਾ ਸਿਸਟਮ ਪ੍ਰਦਾਨ ਕਰੀਏ ਤਾਂ ਜੋ ਸਾਡੇ ਬੱਚੇ ਪੰਜਾਬ ਨੂੰ ਛੱਡ ਕੇ ਵਿਦੇਸ਼ਾਂ ਵਿੱਚ ਨਾ ਜਾਣ। ਧਾਰਮਿਕ ਸਮਾਗਮ ਨੂੰ ਸੰਬੋਧਨ ਕਰਦਿਆਂ ਜਿਲੇ ਦੇ ਡਿਪਟੀ ਕਮਿਸ਼ਨਰ ਡਾ। ਰੂਹੀ ਦੁੱਗ ਨੇ ਕਿਹਾ ਕਿ ਮਿੰਨੀ ਸਕੱਤਰੇਤ ਦੀ ਦੇਖਭਾਲ ਵਿੱਚ ਕਿਸੇ ਪ੍ਰਕਾਰ ਦੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮੂਹ ਅਧਿਕਾਰੀ ਅਤੇ ਕਰਮਚਾਰੀ ਮਿਲ ਕੇ ਆਮ ਲੋਕਾਂ ਦੇ ਕੰਮਾਂ ਨੂੰ ਇੱਕ ਵਿਸ਼ੇਸ਼ ਭਾਵਨਾ ਨਾਲ ਕਰਨ। ਇਸ ਮੌਕੇ ਸੀਨੀਅਰ ਪੁਲਿਸ ਕਪਤਾਨ ਸ। ਰਾਜਪਾਲ ਸਿੰਘ ਸੰਧੂ ਨੇ ਕਿਹਾ ਕਿ ਸਾਨੂੰ ਨਵੇਂ ਸਾਲ ਤੇ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਆਪਣੇ ਗੁਰੂ ਸਾਹਿਬਾਨ ਦੀ ਦਰਸਾਏ ਮਾਰਗ ਤੇ ਚੱਲ ਕੇ ਲੋਕਾਂ ਦੀ ਸੇਵਾ ਕਰੀਏ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜਪਾਲ ਸਿੰਘ, ਡੀ।ਆਰ।ਓ। ਡਾ। ਅਜੀਤਪਾਲ ਸਿੰਘ, ਜਿਲਾ ਸਿੱਖਿਆ ਅਫਸਰ ਸੈਕੰਡਰੀ ਸ੍ਰੀ ਮਨਪ੍ਰੀਤ ਸਿੰਘ, ਉਪ ਜਿਲਾ ਸਿੱਖਿਆ ਅਫਸਰ ਸ੍ਰੀ ਪ੍ਰਦੀਪ ਦਿਉੜਾ, ਜਿਲਾ ਭਾਸ਼ਾ ਅਫਸਰ ਸ੍ਰੀ ਮਨਜੀਤ ਪੁਰੀ,ਸਮਾਜ ਸੇਵੀ ਸ੍ਰੀ ਪ੍ਰਵੀਨ ਕਾਲਾ, ਦਵਿੰਦਰ ਸਿੰਘ ਪੰਜਾਬ ਮੋਟਰਜ਼, ਪੀ।ਆਰ।ਓ ਮਨਪ੍ਰੀਤ ਸਿੰਘ ਧਾਲੀਵਾਲ, ਪੀ।ਏ। ਸਿਵਜੀਤ ਸਿੰਘ ਸੰਘਾ,ਅਮਨਦੀਪ ਸਿੰਘ ਬਾਬਾ, ਗੁਰਤੇਜ ਸਿੰਘ ਖੋਸਾ ਜਿਲ੍ਹਾ ਸਕੱਤਰ ਆਮ ਆਦਮੀ ਪਾਰਟੀ, ਜਿਲ੍ਹਾ ਮੀਡੀਆ ਕੁਆਰਡੀਨੇਟਰ ਸ੍ਰੀ ਜਸਬੀਰ ਸਿੰਘ ਜੱਸੀ ਹਾਜ਼ਰ ਸਨ।

ਇਸ ਮੌਕੇ ਮੰਚ ਸੰਚਾਲਣ ਦੀ ਭੂਮਿਕਾ ਸ੍ਰੀ ਮਨਦੀਪ ਸਿੰਘ ਮੋਰਾਂਵਾਲੀ ਨੇ ਨਿਭਾਈ। ਇਸ ਮੌਕੇ ਰਿਟਾ। ਨਾਇਬ ਤਹਿਸੀਲਦਾਰ ਸ੍ਰੀ ਰਜਿੰਦਰ ਸਿੰਘ ਸਰ੍ਹਾਂ ਨੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਅਟੁੱਟ ਵਰਤਿਆ। ਸਮਾਗਮ ਨੂੰ ਸਫਲ ਬਣਾਉਣ ਲਈ ਕਮੇਟੀ ਮੈਂਬਰਾਂ ਵਿੱਚੋਂ ਬਲਵੀਰ ਸਿੰਘ, ਬਲਦੇਵ ਸਿੰਘ ਜੰਡੋਕੇ, ਪ੍ਰਵੀਨ ਰਾਣੀ, ਅਮਰਜੀਤ ਕੌਰ, ਸੁਰਜੀਤ ਸਿੰਘ, ਜਸਪਾਲ ਸਿੰਘ ਪਲੇਨ, ਸ਼ਿੰਦਰਪਾਲ ਸਿੰਘ, ਨਛੱਤਰ ਸਿੰਘ ਢੈਪਈ, ਲਖਵੰਤ ਸਿੰਘ ਮਾਨ, ਅੰਮ੍ਰਿਤਪਾਲ ਕੋਟਕਪੂਰਾ, ਜਗਦੀਸ਼ ਕੁਮਾਰ ਕਾਨੂੰਗੋ, ਬਿੱਕਰ ਸਿੰਘ ਪਟਵਾਰੀ, ਹਰਪਾਲ ਸਿੰਘ ਸੁਪਰਡੈਂਟ, ਮਿੰਨੀ ਛਾਬੜਾ, ਗੁਰਜੀਤ ਸਿੰਘ, ਨੇ ਵੱਡ-ਮੁੱਲਾ ਯੋਗਦਾਨ ਪਾਇਆ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

## ਕੇਅਰ ਗਿਵਰ ਦੀ ਲੋੜ

ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। 'PR' ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# 5773 ਪਿੰਡਾਂ ਨੂੰ ਰੈਵੀਨਿਊ ਲੈਂਡ ਦੀ ਰਜਿਸਟਰੀ ਲਈ ਐਨਓਸੀ ਤੋਂ ਦਿੱਤੀ ਛੋਟ

*** ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਦੇ ਇਸ ਲੋਕ-ਪੱਖੀ ਫ਼ੈਸਲੇ ਨਾਲ 5773 ਪਿੰਡਾਂ 'ਚ ਰੈਵੀਨਿਊ ਅਸਟੇਟ ਦੀ ਨਿਰਵਿਘਨ ਰਜਿਸਟ੍ਰੇਸ਼ਨ ਲਈ ਰਾਹ ਪੱਧਰਾ ਹੋਵੇਗਾ: ਅਮਨ ਅਰੋੜਾ**

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ) - ਜ਼ਮੀਨ ਮਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਨੇ ਪੇਂਡੂ ਖੇਤਰਾਂ ਵਿੱਚ ਰੈਵੀਨਿਊ ਲੈਂਡ ਦੀ ਰਜਿਸਟ੍ਰੇਸ਼ਨ ਕਰਵਾਉਣ ਲਈ ਸੂਬੇ ਦੇ 5773 ਪਿੰਡਾਂ ਨੂੰ ਐਨ।ਓ।ਸੀ। ਲੈਣ ਤੋਂ ਛੋਟ ਦੇ ਦਿੱਤੀ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਇਹ ਲੋਕ-ਪੱਖੀ ਫ਼ੈਸਲਾ ਜ਼ਮੀਨ ਮਾਲਕਾਂ ਨੂੰ ਵੱਡੀ ਰਾਹਤ ਦੇਣ ਦੇ ਨਾਲ ਨਾਲ 22 ਜ਼ਿਲ੍ਹਿਆਂ ਵਿੱਚ ਪੈਂਦੇ 5773 ਪਿੰਡਾਂ ਵਿੱਚ ਰੈਵੀਨਿਊ ਅਸਟੇਟ ਦੀ ਨਿਰਵਿਘਨ ਰਜਿਸਟ੍ਰੇਸ਼ਨ ਲਈ ਰਾਹ ਪੱਧਰਾ ਕਰੇਗਾ।

ਜ਼ਿਕਰਯੋਗ ਹੈ ਕਿ ਗ਼ੈਰ-ਕਾਨੂੰਨੀ ਕਾਲੋਨੀਆਂ ਉਤੇ ਰੋਕਣ ਲਗਾਉਣ ਲਈ ਮਾਲ ਵਿਭਾਗ ਵੱਲੋਂ ਹਾਲ ਹੀ ਵਿੱਚ ਵਿਕਾਸ ਅਥਾਰਟੀ ਜਾਂ ਲੋਕਲ ਬਾਡੀ ਦੇ ਅਧਿਕਾਰ ਖੇਤਰ ਅਧੀਨ ਆਉਣ ਵਾਲੀਆਂ ਜਾਇਦਾਦਾਂ ਦੀ ਰਜਿਸਟ੍ਰੇਸ਼ਨ ਲਈ ਐਨ।ਓ।ਸੀ। ਜਾਰੀ ਕਰਨਾ ਲਾਜ਼ਮੀ ਕੀਤਾ ਗਿਆ ਸੀ। ਇਹ ਫ਼ੈਸਲਾ ਪਿੰਡਾਂ ਦੀ ਰੈਵੀਨਿਊ ਲੈਂਡ 'ਤੇ ਵੀ ਲਾਗੂ ਹੋ ਗਿਆ ਸੀ, ਜਿਸ ਨਾਲ ਜ਼ਮੀਨ ਮਾਲਕਾਂ ਲਈ ਪੇਂਡੂ ਖੇਤਰਾਂ ਵਿੱਚ ਜ਼ਮੀਨ ਦੀ ਰਜਿਸਟਰੀ ਕਰਵਾਉਣ ਤੋਂ ਪਹਿਲਾਂ ਲਾਇਸੈਂਸ ਲੈਣਾ ਲਾਜ਼ਮੀ ਹੋ ਗਿਆ ਸੀ।

ਇਹ ਵੀ ਦੱਸਣਯੋਗ ਹੈ ਕਿ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ (ਪਾਪਰਾ) 1995 ਦੇ ਸੈਕਸ਼ਨ (20) (3) ਵਿੱਚ ਕਿਹਾ ਗਿਆ ਹੈ ਕਿ ਰਜਿਸਟ੍ਰੇਸ਼ਨ ਐਕਟ, 1908 ਦੇ ਉਪਬੰਧਾਂ ਅਧੀਨ ਕੋਈ ਵੀ ਰਜਿਸਟਰਾਰ ਜਾਂ ਸਬ-ਰਜਿਸਟਰਾਰ ਕਾਲੋਨੀ ਵਿਚਲੀ ਜ਼ਮੀਨ ਜਾਂ ਪਲਾਟ ਜਾਂ ਇਮਾਰਤ ਦੀ ਵਿਕਰੀ ਸਬੰਧੀ ਸੇਲ ਡੀਡ ਜਾਂ ਕੋਈ ਹੋਰ ਦਸਤਾਵੇਜ਼ ਰਜਿਸਟਰ ਨਹੀਂ ਕਰੇਗਾ, ਜਿਸ ਸਬੰਧੀ ਸਮਰੱਥ ਅਥਾਰਟੀ ਤੋਂ ਐਨ।ਓ।ਸੀ। ਪ੍ਰਾਪਤ ਨਾ ਕੀਤੀ ਗਈ ਹੋਵੇ।

ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ (ਪਾਪਰਾ) 1995 ਦੇ ਸੈਕਸ਼ਨ (20) (3) ਦੇ ਉਪਬੰਧਾਂ ਤਹਿਤ ਗ਼ੈਰ-ਲਾਇਸੈਂਸਸ਼ੁਦਾ ਕਾਲੋਨੀ ਵਿੱਚ ਸਥਿਤ ਜ਼ਮੀਨ, ਪਲਾਟ ਜਾਂ ਇਮਾਰਤ ਵੇਚਣ ਲਈ ਐਨ।ਓ।ਸੀ। ਲੈਣੀ ਲਾਜ਼ਮੀ ਹੋਣ ਕਾਰਨ ਜ਼ਮੀਨ ਮਾਲਕਾਂ ਨੂੰ ਰਜਿਸਟਰੀ ਕਰਵਾਉਣ ਵਿੱਚ ਮੁਸ਼ਕਿਲ ਆ ਰਹੀ ਸੀ। ਇਸ ਦਾ ਨੋਟਿਸ ਲੈਂਦਿਆਂ ਹੁਣ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਨੇ ਜ਼ਮੀਨ ਮਾਲਕਾਂ ਨੂੰ ਪੇਂਡੂ ਖੇਤਰਾਂ ਵਿੱਚ ਰੈਵੀਨਿਊ ਲੈਂਡ ਦੀ ਰਜਿਸਟਰੀ ਲਈ ਐਨ।ਓ।ਸੀ। ਲੈਣ ਤੋਂ ਛੋਟ ਦੇ ਦਿੱਤੀ ਹੈ।

ਪ੍ਰਮੁੱਖ ਸਕੱਤਰ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਸ੍ਰੀ ਅਜੋਏ ਕੁਮਾਰ ਸਿਨਹਾ ਨੇ ਕਿਹਾ ਕਿ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ ਅਤੇ ਇਸ ਐਕਟ ਦੇ ਬਾਕੀ ਉਪਬੰਧ (ਪ੍ਰੋਵਿਜ਼ਨਜ਼) ਉਸੇ ਤਰ੍ਹਾਂ ਲਾਗੂ ਰਹਿਣਗੇ।

ਛੋਟ ਵਾਲੇ ਪਿੰਡਾਂ ਵਿਚ ਜ਼ਿਲ੍ਹਾ ਵਾਰ ਅੰਮ੍ਰਿਤਸਰ (385 ਪਿੰਡ), ਬਠਿੰਡਾ (94), ਹੁਸ਼ਿਆਰਪੁਰ (902), ਜਲੰਧਰ (359), ਮਾਨਸਾ (137), ਐਸ।ਬੀ।ਐਸ। ਨਗਰ (152), ਲੁਧਿਆਣਾ (346), ਤਰਨ ਤਾਰਨ (260), ਮੋਗਾ (120), ਪਠਾਨਕੋਟ (191), ਫਤਿਹਗੜ੍ਹ ਸਾਹਿਬ (268), ਬਰਨਾਲਾ (66), ਸੰਗਰੂਰ (172), ਮਲੇਰਕੋਟਲਾ (69), ਫਾਜ਼ਿਲਕਾ (221), ਕਪੂਰਥਲਾ (305), ਸ੍ਰੀ ਮੁਕਤਸਰ ਸਾਹਿਬ (118), ਫਰੀਦਕੋਟ (113), ਰੂਪਨਗਰ (257), ਗੁਰਦਾਸਪੁਰ (479), ਪਟਿਆਲਾ (507), ਫਿਰੋਜ਼ਪੁਰ (252 ਪਿੰਡ) ਸ਼ਾਮਲ ਹਨ।

# ਸਾਬਕਾ ਮੰਤਰੀ ਆਸ਼ੂ ਦਾ ਭਗੌੜਾ ਪੀਏ ਇੰਦਰਜੀਤ ਇੰਦੀ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

*** ਭਗੌੜੇ ਹੋਣ ਦੀ ਅਦਾਲਤੀ ਕਾਰਵਾਈ ਕਾਰਨ ਵਿਜੀਲੈਂਸ ਬਿਊਰੋ ਅੱਗੇ ਕੀਤਾ ਆਤਮ ਸਮਰਪਣ ***
**ਆਸ਼ੂ ਦੇ ਘਰੋਂ ਮਿਲਿਆ ਗਹਿਣਿਆਂ ਤੇ ਦਸਤਾਵੇਜ਼ਾਂ ਵਾਲਾ ਬੈਗ ਲੈ ਕੇ ਇੰਦੀ ਹੋਇਆ ਸੀ ਫਰਾਰ**

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ) - ਸੂਬੇ ਦੀਆਂ ਅਨਾਜ ਮੰਡੀਆਂ ਵਿੱਚ ਹੋਏ ਬਹੁ-ਕਰੋੜੀ ਢੋਆ-ਢੁਆਈ ਸਬੰਧੀ ਟੈਂਡਰ ਘੁਟਾਲੇ ਦੇ ਭਗੌੜੇ ਮੁਲਜ਼ਮ ਇੰਦਰਜੀਤ ਸਿੰਘ ਇੰਦੀ ਨੂੰ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਅੱਜ ਉਸ ਵੇਲੇ ਗ੍ਰਿਫ਼ਤਾਰ ਕਰ ਲਿਆ ਗਿਆ ਜਦੋਂ ਉਸ ਨੇ ਲੁਧਿਆਣਾ ਸਥਿਤ ਬਿਊਰੋ ਦੇ ਦਫ਼ਤਰ ਵਿਖੇ ਆਤਮ-ਸਮਰਪਣ ਕੀਤਾ।



ਇਹ ਮੁਲਜ਼ਮ ਸਾਬਕਾ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਭਾਰਤ ਭੂਸ਼ਣ ਆਸ਼ੂ ਨਾਲ ਪ੍ਰਾਈਵੇਟ ਤੌਰ 'ਤੇ ਨਿੱਜੀ ਸਹਾਇਕ (ਪੀ।ਏ।) ਵਜੋਂ ਕੰਮ ਕਰਦਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਵੱਲੋਂ ਚਲਾਈ ਗਈ ਕਾਨੂੰਨੀ ਕਾਰਵਾਈ ਕਾਰਨ ਉਸ ਨੂੰ ਖਦਸ਼ਾ ਸੀ ਕਿ ਅਦਾਲਤ ਉਸ ਨੂੰ ਇਸ ਘੁਟਾਲੇ ਵਿੱਚ ਭਗੌੜਾ (ਪੀ।ਓ।) ਘੋਸ਼ਿਤ ਕਰ ਸਕਦੀ ਹੈ ਕਿਉਂਕਿ ਵਿਜੀਲੈਂਸ ਬਿਊਰੋ ਨੇ ਪਹਿਲਾਂ ਹੀ ਉਸ ਵਿਰੁੱਧ ਅਦਾਲਤੀ ਕਾਰਵਾਈ ਸ਼ੁਰੂ ਕਰ ਦਿੱਤੀ ਸੀ ਅਤੇ ਉਸ ਕੇਸ ਦੀ ਅਗਲੀ ਸੁਣਵਾਈ 04-01-2023 ਨੂੰ ਨਿਰਧਾਰਤ ਕੀਤੀ ਗਈ ਸੀ। ਉਸ ਨੂੰ ਭਲਕੇ ਲੁਧਿਆਣਾ ਦੀ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

ਹੋਰ ਜਾਣਕਾਰੀ ਦਿੰਦਿਆਂ ਬੁਲਾਰੇ ਨੇ ਦੱਸਿਆ ਕਿ ਬਿਊਰੋ ਵੱਲੋਂ ਪਹਿਲਾਂ ਹੀ ਠੇਕੇਦਾਰ ਤੇਲੂ ਰਾਮ, ਜਗਰੂਪ ਸਿੰਘ, ਸੰਦੀਪ ਭਾਟੀਆ ਅਤੇ ਗੁਰਦਾਸ ਰਾਮ ਐਂਡ ਕੰਪਨੀ ਦੇ ਮਾਲਕਾਂ/ਭਾਈਵਾਲਾਂ ਦੇ ਨਾਲ-ਨਾਲ ਪੰਜਾਬ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਤੋਂ ਇਲਾਵਾ ਵੱਖ-ਵੱਖ ਅਨਾਜ ਮੰਡੀਆਂ ਵਿੱਚ ਲੇਬਰ ਅਤੇ ਢੋਆ-ਢੁਆਈ ਦੇ ਟੈਂਡਰ ਅਲਾਟ ਕਰਨ ਲਈ ਸਬੰਧਤ ਖਰੀਦ ਏਜੰਸੀਆਂ ਦੇ ਅਧਿਕਾਰੀਆਂ/ਕਰਮਚਾਰੀਆਂ ਵਿਰੁੱਧ ਆਈ।ਪੀ।ਸੀ। ਦੀ ਧਾਰਾ 420, 409, 467, 468, 471, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 8, 12, 13(2) ਤਹਿਤ ਐਫ।ਆਈ।ਆਰ। ਨੰਬਰ 11 ਮਿਤੀ 16-08-2022 ਅਧੀਨ ਮੁਕੱਦਮਾ ਦਰਜ ਕੀਤਾ ਗਿਆ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਮੁਲਜ਼ਮ ਤੇਲੂ ਰਾਮ, ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ, ਸਾਬਕਾ ਮੰਤਰੀ ਦੇ ਨਿੱਜੀ ਪੀ।ਏ। ਪੰਕਜ ਕੁਮਾਰ ਉਰਫ਼ ਮੀਨੂੰ ਮਲਹੋਤਰਾ, ਕ੍ਰਿਸ਼ਨ ਲਾਲ ਧੋਤੀਵਾਲਾ ਅਤੇ ਅਨਿਲ ਜੈਨ (ਦੋਵੇਂ ਆੜ੍ਹਤੀਏ) ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ ਅਤੇ ਇਸ ਸਮੇਂ ਸਾਰੇ ਨਿਆਂਇਕ ਹਿਰਾਸਤ ਵਿੱਚ ਹਨ। ਇਸ ਤੋਂ ਇਲਾਵਾ ਵਿਜੀਲੈਂਸ ਬਿਊਰੋ ਵੱਲੋਂ ਪਹਿਲਾਂ ਹੀ ਲੁਧਿਆਣਾ ਦੀ ਸਮਰੱਥ ਅਦਾਲਤ ਵਿੱਚ ਭਾਰਤ ਭੂਸ਼ਣ ਆਸ਼ੂ, ਤੇਲੂ ਰਾਮ ਅਤੇ ਕ੍ਰਿਸ਼ਨ ਲਾਲ ਵਿਰੁੱਧ ਸਪਲੀਮੈਂਟਰੀ ਚਲਾਣ ਪੇਸ਼ ਕੀਤਾ ਜਾ ਚੁੱਕਾ ਹੈ।

ਵੇਰਵੇ ਦਿੰਦਿਆਂ ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਕੇਸ ਵਿੱਚ ਗਹਿਨ ਪੜਤਾਲ ਅਤੇ ਸਬੂਤਾਂ ਦੀ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਉਕਤ ਦੋਸ਼ੀ ਭਾਰਤ ਭੂਸ਼ਣ ਆਸ਼ੂ ਕੋਲ ਪੀ।ਏ। ਵਜੋਂ ਕੰਮ ਕਰ ਰਿਹਾ ਸੀ ਅਤੇ ਵਿਜੀਲੈਂਸ ਬਿਊਰੋ ਨੂੰ 24-08-2022 ਨੂੰ ਇੱਕ ਗੁਪਤ ਸੂਚਨਾ ਮਿਲੀ ਸੀ ਕਿ ਭਾਰਤ ਭੂਸ਼ਣ ਆਸ਼ੂ ਦੀ ਗ੍ਰਿਫ਼ਤਾਰੀ ਉਪਰੰਤ, ਦੋਸ਼ੀ ਇੰਦਰਜੀਤ ਇੰਦੀ ਨੂੰ ਕਿਸੇ ਅਣਪਛਾਤੇ ਵਿਅਕਤੀ ਤੋਂ ਗਹਿਣੇ, ਦਸਤਾਵੇਜ਼ ਆਦਿ ਵਾਲਾ ਬੈਗ ਮਿ-ਲਿਆ ਸੀ ਜੋ ਉਹ ਆਸ਼ੂ ਦੇ ਘਰੋਂ 22-08-2022 ਨੂੰ ਲੈ ਕੇ ਆਇਆ ਸੀ। ਇਸ ਬੈਗ ਨੂੰ ਹਾਸਲ ਕਰਕੇ ਇੰਦੀ ਇਸ ਨੂੰ ਅਣਪਛਾਤੇ ਟਿਕਾਣੇ 'ਤੇ ਛੁਪਾਉਣ ਲਈ ਫਰਾਰ ਹੋ ਗਿਆ। ਪੜਤਾਲ ਉਪਰੰਤ ਪਤਾ ਲੱਗਾ ਕਿ ਇਹ ਘਟਨਾ ਸੀ।ਸੀ।ਟੀ।ਵੀ। ਕੈਮਰਿਆਂ ਵਿੱਚ ਕੈਦ ਹੋ ਗਈ ਸੀ, ਜਿਸ ਉਪਰੰਤ ਇੰਦਰਜੀਤ ਇੰਦੀ ਨੂੰ 26-08-2022 ਨੂੰ ਉਕਤ ਮੁਕੱਦ-ਮੇ ਵਿੱਚ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਚੀਮਾ ਵੱਲੋਂ ਫਾਜ਼ਿਲਕਾ ਸ਼ੂਗਰ ਮਿੱਲ ਲਈ 10 ਕਰੋੜ ਰੁਪਏ ਤੁਰੰਤ ਜਾਰੀ ਕਰਨ ਦੇ ਨਿਰਦੇਸ਼

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ)- ਸੂਬੇ ਵਿੱਚ ਸਹਿਕਾਰੀ ਖੰਡ ਮਿੱਲਾਂ ਦੀ ਸਥਿਤੀ ਦਾ ਵਿਸਤ੍ਰਿਤ ਮੁਲਾਂਕਣ ਕਰਨ ਅਤੇ ਉਹਨਾਂ ਦੀ ਆਰਥਿਕ ਵਿਹਾਰਕਤਾ ਨੂੰ ਯਕੀਨੀ ਬਣਾਉਣ ਦੇ ਉਪਰਾਲਿਆਂ ਬਾਰੇ ਵਿਚਾਰ-ਵਟਾਂਦਰਾ ਕਰਨ ਲਈ ਵਿੱਤ ਮੰਤਰ ਸ। ਹਰਪਾਲ ਸਿੰਘ ਚੀਮਾ ਨੇ ਅੱਜ ਸਹਿਕਾਰਤਾ ਵਿਭਾਗ, ਸ਼ੂਗਰਫੈਡ ਅਤੇ ਵਿੱਤ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ।

ਇਸ ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਸਹਿਕਾਰੀ ਖੰਡ ਮਿੱਲਾਂ ਨੂੰ ਮੁੜ ਸੁਰਜੀਤ ਕਰਨ ਲਈ ਲੋੜੀਂਦੇ ਕਦਮ ਪੁੱਟਣ ਲਈ ਦਿਸ਼ਾ ਨਿਰਦੇਸ਼ ਜਾਰੀ ਕਰਨ ਦੇ ਨਾਲ-ਨਾਲ ਫਾਜ਼ਿਲਕਾ ਖੰਡ ਮਿੱਲ ਨਾਲ ਸਬੰਧਤ ਤਨਖਾਹਾਂ ਅਤੇ ਸੇਵਾਮੁਕਤੀ ਦੇ ਬਕਾਏ ਦੇ ਭੁਗਤਾਨ ਲਈ 10 ਕਰੋੜ ਰੁਪਏ ਦੀ ਰਕਮ ਤੁਰੰਤ ਜਾਰੀ ਕਰਨ ਦੇ ਨਿਰਦੇਸ਼ ਦਿੱਤੇ। ਸਮੇਂ ਦੀ ਲੋੜ ਅਨੁਸਾਰ ਆਧੁਨਿਕ ਉਪਾਵਾਂ ਅਤੇ ਤਕਨੀਕੀ ਤਰੱਕੀ 'ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਖੰਡ ਮਿੱਲਾਂ ਸਹਿਕਾਰੀ ਖੇਤਰ ਦੀ ਰੀੜ੍ਹ ਦੀ ਹੱਡੀ ਹਨ ਅਤੇ ਸੂਬਾ ਸਰਕਾਰ ਇਨ੍ਹਾਂ ਨੂੰ ਚਲਦਾ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਸਾਲ 2022 ਵਿੱਚ ਪ੍ਰਸ਼ਾਸਨਿਕ ਸੁਧਾਰ, ਸੇਵਾ ਕੇਂਦਰਾਂ ਜ਼ਰੀਏ ਲੋਕਾਂ ਨੂੰ ਬਿਹਤਰ ਤੇ ਭ੍ਰਿਸ਼ਟਾਚਾਰ ਮੁਕਤ ਸੇਵਾਵਾਂ ਦੀ ਸ਼ੁਰੂਆਤ

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ)- ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਦੇ ਲੋਕਾਂ ਨੂੰ ਸੁਖਾਲੀਆਂ, ਪਾਰਦਰਸ਼ੀ ਤੇ ਭ੍ਰਿਸ਼ਟਾਚਾਰ ਮੁਕਤ ਸੇਵਾਵਾਂ ਦੇਣ ਦੀ ਵਚਨਬੱਧਤਾ ਉਤੇ ਚੱਲਦਿਆਂ ਪ੍ਰਸ਼ਾਸਨਿਕ ਸੁਧਾਰ ਵਿਭਾਗ ਵੱਲੋਂ ਸੇਵਾ ਕੇਂਦਰਾਂ ਜ਼ਰੀਏ ਲੋਕਾਂ ਦੀ ਜ਼ਿੰਦਗੀ ਬਿਹਤਰ ਬਣਾਉਣ ਲਈ ਵਿਸ਼ਸ਼ੇ ਉਪਰਾਲੇ ਕੀਤੇ ਗਏ। ਬੀਤੇ ਸਾਲ 2022 ਵਿੱਚ ਨਵੀਆਂ ਪਹਿਲਕਦਮੀਆਂ ਨਾਲ ਲੋਕਾਂ ਨੂੰ ਬਿਹਤਰ ਨਾਗਰਿਕ ਸੇਵਾਵਾਂ ਦੇਣ ਦੀ ਸ਼ੁਰੂਆਤ ਕੀਤੀ ਗਈ।ਸਾਲ ਦੇ ਅਖੀਰਲੇ ਮਹੀਨੇ ਮਨਾਏ ਗਏ 'ਸੁਚੱਜੇ ਪ੍ਰਸ਼ਾਸਨ ਸਪਤਾਹ' ਦੌਰਾਨ ਪੰਜਾਬ ਦੇਸ਼ ਦੇ ਪਹਿਲੇ ਤਿੰਨ ਸੂਬਿਆਂ ਵਿੱਚੋਂ ਇਕ ਰਿਹਾ ਜਿੱਥੇ ਲੋਕਾਂ ਨੂੰ ਵੱਧ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਈਆਂ ਗਈਆਂ।

ਪ੍ਰਸ਼ਾਸਨਿਕ ਸੁਧਾਰ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਵਿਭਾਗ ਦੇ ਨਿਵੇਕਲੇ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ 128 ਨਵੀਆਂ ਸੇਵਾਵਾਂ ਸ਼ੁਰੂ ਕੀਤੀਆਂ। ਲੋਕਾਂ ਦੀ ਸਹੂਲਤ ਲਈ ਸੇਵਾ ਕੇਂਦਰਾਂ ਦਾ ਸਮਾਂ ਵਧਾਇਆ ਗਿਆ ਅਤੇ ਵੀਕੈਂਡ ਵਾਲੇ ਦਿਨਾਂ ਵਿੱਚ ਦਫਤਰ ਖੋਲ੍ਹਣ ਦਾ ਫੈਸਲਾ ਕੀਤਾ ਗਿਆ। ਲੋਕਾਂ ਨੂੰ ਮੋਬਾਈਲ ਜ਼ਰੀਏ ਡਿਜੀਟਲ ਦਸਤਖਤ ਵਾਲੇ ਸਰਟੀਫਿਕੇਟ ਮਿਲਣੇ ਸ਼ੁਰੂ ਹੋਏ ਜਿਸ ਦਾ ਫਾਇਦਾ 7।5 ਲੱਖ ਲੋਕਾਂ ਨੂੰ ਪੁੱਜਾ। ਹੋਲੋਗ੍ਰਾਮ ਵਾਲੇ ਸਰਟੀਫਿਕੇਟ ਮਿਲਣ ਕਾਰਨ ਲੋਕਾਂ ਨੂੰ ਮੁੜ ਨਵਾਂ ਸਰਟੀਫਿਕੇਟ ਲਈ ਦਫਤਰ ਦੇ ਗੇੜੇ ਨਹੀਂ ਮਾਰਨੇ ਪੈਣਗੇ।

ਸੇਵਾ ਕੇਂਦਰਾਂ ਵਿੱਚ ਸੱਤ ਸੇਵਾਵਾਂ ਲਈ ਫਾਰਮ ਨਾ ਭਰਨ ਦੀ ਸਹੂਲਤ ਦੀ ਸ਼ੁਰੂਆਤ ਕੀਤੀ। ਨਾਗਰਿਕ ਸਿਰਫ ਆਪਣੇ ਅਸਲ ਲੋੜੀਦੇ ਦਸਤਵੇਜ਼ ਲੈ ਕੇ ਨੇੜੇ ਦੇ ਸੇਵਾ ਕੇਂਦਰ 'ਤੇ ਜਾਵੇਗਾ ਜਿਥੇ ਸੇਵਾ ਕੇਂਦਰ ਦਾ ਅਪਰੇਟਰ ਅਸਲ ਦਸਤਵੇਜ਼ਾਂ ਤੋ ਦੇਖ ਕੇ ਹੀ ਸਾਰਾ ਫਾਰਮ ਆਨ-ਲਾਈਨ ਸਿਸਟਮ ਵਿੱਚ ਭਰੇਗਾ। ਇਸ ਸਹੂਲਤ ਦਾ 25,263 ਲੋਕਾਂ ਦਾ ਫਾਇਦਾ ਹੋਇਆ। ਪਹਿਲੇ ਪੜਾਅ ਵਿੱਚ ਆਮਦਨ ਸਰਟੀਫਿਕੇਟ, ਪੇਂਡੂ ਖੇਤਰ ਦਾ ਸਰਟੀਫਿਕੇਟ, ਜਨਮ ਸਰਟੀਫਿਕੇਟ ਵਿੱਚ ਨਾਮ ਜੋੜਨਾ, ਆਮਦਨ ਅਤੇ ਸੰਪਤੀ ਸਰਟੀਫਿਕੇਟ, ਜਨਰਲ ਜਾਤੀ ਸਰਟੀਫਿਕੇਟ ਅਤੇ ਸੀਨੀਅਰ ਸਿਟੀਜਨ ਸ਼ਨਾਖਤੀ ਕਾਰਡ ਦੀਆਂ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ।

ਪ੍ਰਸ਼ਾਸਨਿਕ ਸੁਧਾਰ ਮੰਤਰੀ ਵੱਲੋਂ ਸੇਵਾ ਕੇਂਦਰਾਂ ਦੇ ਕੰਮਕਾਜ ਦਾ ਜਾਇਜ਼ਾ ਨਿਰੰਤਰ ਲੈਣ ਅਤੇ ਫੀਲਡ ਦੌਰਿਆਂ ਦਾ ਇਹ ਫਾਇਦਾ ਹੋਇਆ ਕਿ ਸੇਵਾ ਕੇਂਦਰਾਂ ਵਿੱਚ ਲੰਬਿਤ ਕੇਸਾਂ ਦੀ ਗਿਣਤੀ ਘਟੀ। ਮਾਰਚ ਮਹੀਨੇ 1।49 ਫੀਸਦੀ ਕੇਸ ਬਕਾਇਆ ਪਏ ਸਨ ਜੋ ਕਿ ਦਸੰਬਰ ਮਹੀਨੇ ਸਿਰਫ 0।40 ਫੀਸਦੀ ਰਹਿ ਗਏ। ਇਸੇ ਤਰ੍ਹਾਂ ਕੇਸ ਵਾਪਸ ਭੇਜਣ ਦੀ ਦਰ ਵਿੱਚ ਵੀ 33 ਫੀਸਦੀ ਦੀ ਵੀ ਵੱਡੀ ਗਿਰਾਵਟ ਆਈ।

## ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਤੇ ਉਪਰਾਲਿਆਂ ਦਾ ਲਾਭ ਹੇਠਲੇ ਪੱਧਰ ਤੱਕ ਯਕੀਨੀ ਬਣਾਉਣ ਲਈ ਆਖਿਆ

ਚੰਡੀਗੜ੍ਹ, 2 ਜਨਵਰੀ (ਪੋਸਟ ਬਿਊਰੋ) - ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸੂਬੇ ਦੇ ਅਧਿਕਾਰੀਆਂ ਨੂੰ ਸਰਕਾਰ ਦੀਆਂ ਲੋਕ ਪੱਖੀ ਤੇ ਵਿਕਾਸ ਮੁਖੀ ਨੀਤੀਆਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਉਤਸ਼ਾਹ ਨਾਲ ਕੰਮ ਕਰਨ ਲਈ ਆਖਿਆ।

ਸੂਬੇ ਦੇ ਆਈ।ਏ।ਐਸ। ਅਤੇ ਆਈਪੀਐਸ ਅਧਿਕਾਰੀਆਂ ਨੇ ਅੱਜ ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਮੁੱਖ ਮੰਤਰੀ ਨਾਲ ਉਨ੍ਹਾਂ ਦੇ ਦਫਤਰ ਵਿਖੇ ਮੁਲਾਕਾਤ ਕੀਤੀ। ਇਸ ਮੌਕੇ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਵੇਂ ਵਰ੍ਹੇ ਦੀ ਵਧਾਈ ਦਿੰਦੇ ਹੋਏ ਲੋਕ ਭਲਾਈ ਕਾਰਜਾਂ ਨੂੰ ਸਭ ਤੋਂ ਵੱਧ ਤਰਜੀਹ ਦੇਣ ਲਈ ਆਖਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸੂਬੇ ਦੇ ਲੋਕਾਂ ਦੀ ਬਿਹਤਰੀ ਲਈ ਸਮਰਪਿਤ ਭਾਵਨਾ ਨਾਲ ਕੰਮ ਕਰਨ ਲਈ ਆਖਿਆ ਤਾਂ ਕਿ ਸੂਬੇ ਦੇ ਕਮਜੋਰ ਅਤੇ ਪੱਛੜੇ ਵਰਗਾਂ ਨੂੰ ਸਰਕਾਰ ਦੀਆਂ ਨੀਤੀਆਂ ਤੇ ਉਪਰਾਲਿਆਂ ਦਾ ਸਹੀ ਮਾਅਨਿਆਂ ਵਿਚ ਲਾਭ ਹਾਸਲ ਹੋ ਸਕੇ। ਭਗਵੰਤ ਮਾਨ ਨੇ ਕਿਹਾ ਕਿ ਇਹ ਯਕੀਨੀ ਬਣਾਉਣ ਦੀ ਲੋੜ ਹੈ ਕਿ ਸਰਕਾਰ ਦੀਆਂ ਨੀਤੀਆਂ ਦਾ ਲਾਭ ਹਰੇਕ ਹੱਕਦਾਰ ਲਾਭਪਾਤਰੀ ਨੂੰ ਹਾਸਲ ਹੋਵੇ।

ਮੁੱਖ ਮੰਤਰੀ ਨੇ ਕਿਹਾ ਕਿ ਸਮਾਜ ਭਲਾਈ ਸਕੀਮਾਂ ਲਾਗੂ ਕਰਨ ਵਿੱਚ ਕਿਸੇ ਵੀ ਤਰ੍ਹਾਂ ਦਾ ਪੱਖਪਾਤ ਜਾਂ ਭਾਈ-ਭਤੀਜਾਵਾਦ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਪਾਰਦਰਸ਼ੀ ਪ੍ਰਸ਼ਾਸਨ ਦੇਣਾ ਸੂਬਾ ਸਰਕਾਰ ਦੀ ਮੁੱਖ ਤਰਜੀਹ ਹੈ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਨੂੰ ਹਰੇਕ ਖੇਤਰ ਵਿੱਚ ਦੇਸ਼ ਭਰ ਵਿੱਚੋਂ ਮੋਹਰੀ ਸੂਬਾ ਬਣਾਉਣ ਲਈ ਇਹ ਸਮੇਂ ਦੀ ਲੋੜ ਹੈ।

ਆਈ।ਏ।ਐਸ। ਤੇ ਆਈ।ਪੀ।ਐਸ। ਅਧਿਕਾਰੀਆਂ ਨੂੰ ਸੂਬਾ ਸਰਕਾਰ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਮੁੱਖ ਮੰਤਰੀ ਨੇ ਪੰਜਾਬ ਤੇ ਇਸ ਦੇ ਲੋਕਾਂ ਦੀ ਖੁਸ਼ਹਾਲੀ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਆਪਣੇ ਫ਼ਰਜ਼ ਪੂਰੀ ਦਿਆਨਤਦਾਰੀ ਤੇ ਸਮਰਪਿਤ ਭਾਵਨਾ ਨਾਲ ਨਿਭਾਉਣ ਲਈ ਆਖਿਆ। ਉਨ੍ਹਾਂ ਕਿਹਾ ਕਿ ਸਮਾਂ ਆ ਗਿਆ ਹੈ ਜਦੋਂ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਸਾਨੂੰ ਸਾਰਿਆਂ ਨੂੰ ਇਕਜੁੱਟ ਹੋ ਕੇ ਕੋਸ਼ਿਸ਼ਾਂ ਕਰਨੀਆਂ ਚਾਹੀਦੀਆਂ ਹਨ। ਭਗਵੰਤ ਮਾਨ ਨੇ ਉਮੀਦ ਜਤਾਈ ਕਿ ਹਰੇਕ ਅਧਿਕਾਰੀ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਆਪਣੀ ਪੂਰੀ ਵਾਹ ਲਾਏਗਾ।

# ਕੋਰੋਨਾ ਦੇ ਕਹਿਰ ਦਰਮਿਆਨ 10 ਤੋਂ ਵੱਧ ਦੇਸ਼ਾਂ ਨੇ ਚੀਨੀ ਯਾਤਰੀਆਂ ਲਈ ਯਾਤਰਾ ਪਾਬੰਦੀਆਂ ਕੀਤੀਆਂ ਲਾਗੂ

ਬੀਜਿੰਗ, 2 ਜਨਵਰੀ (ਪੋਸਟ ਬਿਊਰੋ)- ਚੀਨ ਵਿੱਚ ਕੋਰੋਨਾ ਮਹਾਂਮਾਰੀ ਇੱਕ ਵਾਰ ਫਿਰ ਤਬਾਹੀ ਮਚਾ ਰਹੀ ਹੈ। ਨਤੀਜੇ ਵਜੋਂ, ਚੀਨ ਤੋਂ ਆਉਣ ਵਾਲੇ ਯਾਤਰੀਆਂ ਨੂੰ ਹੁਣ ਦਰਜਨ ਤੋਂ ਵੱਧ ਦੇਸ਼ਾਂ ਦੀਆਂ ਪਾਬੰਦੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹਾਲ ਹੀ ਵਿੱਚ, ਇੱਕ ਨਵਾਂ ਦੇਸ਼ ਆਸਟਰੇਲੀਆ ਇਸ ਸੂਚੀ ਵਿੱਚ ਸ਼ਾਮਲ ਕੀਤਾ ਗਿਆ ਹੈ, ਜਿਸ ਨੇ ਇੱਥੇ ਆਉਣ ਵਾਲੇ ਯਾਤਰੀਆਂ ਲਈ ਕੋਵਿਡ ਨੈਗੇਟਿਵ ਰਿਪੋਰਟ ਜ਼ਰੂਰੀ ਕਰ ਦਿੱਤੀ ਹੈ। ਪਿਛਲੇ ਮਹੀਨੇ, ਵੁਹਾਨ ਸ਼ਹਿਰ ਵਿੱਚ ਕੋਰੋਨਾਵਾਇਰਸ ਦੇ ਪਹਿਲੀ ਵਾਰ ਸਾਹਮਣੇ ਆਉਣ ਤੋਂ ਤਿੰਨ ਸਾਲ ਬਾਅਦ, ਬੀਜਿੰਗ ਨੇ ਅਚਾਨਕ ਤਾਲਾਬੰਦੀ ਅਤੇ ਟੈਸਟਿੰਗ ਦੀ ਆਪਣੀ "ਜ਼ੀਰੋ ਕੋਵਿਡ ਨੀਤੀ" ਨੂੰ ਉਲਟਾਉਣਾ ਸ਼ੁਰੂ ਕਰ ਦਿੱਤਾ। ਉਦੋਂ ਤੋਂ ਚੀਨ ਵਿਚ ਕੋਰੋਨਾ ਦੇ ਮਾਮਲੇ ਤੇਜ਼ੀ ਨਾਲ ਵਧ ਰਹੇ ਹਨ।



ਕੋਵਿਡ ਦਾ ਕਹਿਰ ਚੀਨ ਦੇ ਹਸਪਤਾਲਾਂ ਅਤੇ ਸ਼ਮਸ਼ਾਨਘਾਟਾਂ ਵਿੱਚ ਸਾਫ਼ ਦੇਖਿਆ ਜਾ ਸਕਦਾ ਹੈ। ਹਾਲ ਹੀ ਦੇ ਸਮੇਂ ਵਿੱਚ, ਕੈਨੇਡਾ, ਸੰਯੁਕਤ ਰਾਜ, ਯੂਨਾਈਟਿਡ ਕਿੰਗਡਮ, ਫਰਾਂਸ, ਇਟਲੀ, ਸਪੇਨ, ਜਾਪਾਨ, ਦੱਖਣੀ ਕੋਰੀਆ ਅਤੇ ਤਾਈਵਾਨ ਨੇ ਵੀ ਚੀਨ ਤੋਂ ਆਉਣ ਵਾਲੇ ਯਾਤਰੀਆਂ ਲਈ ਇੱਕ ਨਕਾਰਾਤਮਕ ਕੋਵਿਡ ਰਿਪੋਰਟ ਹੋਣਾ ਲਾਜ਼ਮੀ ਕਰ ਦਿੱਤਾ ਹੈ। ਕੈਨੇਡਾ ਨੇ ਨਕਾਰਾਤਮਕ ਕੋਵਿਡ ਰਿਪੋਰਟ ਲਈ ਚੀਨ ਵਿੱਚ ਹਾਲ ਹੀ ਦੇ ਕੋਵਿਡ ਮਾਮਲਿਆਂ ਬਾਰੇ "ਸੀਮਤ ਮਹਾਂਮਾਰੀ ਵਿਗਿਆਨ ਅਤੇ ਵਾਇਰਲ ਜੀਨੋਮਿਕ ਕ੍ਰਮ ਡੇਟਾ ਉਪਲਬਧ" ਦਾ ਹਵਾਲਾ ਦਿੱਤਾ। ਇਸ ਦੌਰਾਨ, ਮੋਰੋਕੋ ਨੇ ਸ਼ਨੀਵਾਰ ਨੂੰ ਚੀਨ ਤੋਂ ਆਉਣ ਵਾਲੇ ਸਾਰੇ ਲੋਕਾਂ 'ਤੇ ਪਾਬੰਦੀ ਲਗਾ ਦਿੱਤੀ। ਵਿਸ਼ਵ ਸਿਹਤ ਸੰਗਠਨ ਨੇ ਬੀਜਿੰਗ ਤੋਂ ਫੈਲਣ ਬਾਰੇ ਜਾਣਕਾਰੀ ਦੀ ਘਾਟ ਨੂੰ ਦੇਖਦੇ ਹੋਏ ਸਾਵਧਾਨੀ ਦੇ ਉਪਾਵਾਂ ਨੂੰ "ਸਮਝਣਯੋਗ" ਕਿਹਾ।

ਏਅਰਪੋਰਟ ਕੌਂਸਲ ਇੰਟਰਨੈਸ਼ਨਲ ਦੀ ਯੂਰਪੀਅਨ ਸ਼ਾਖਾ - ਜੋ 500 ਯੂਰਪੀਅਨ ਦੇਸ਼ਾਂ ਵਿੱਚ 55 ਤੋਂ ਵੱਧ ਹਵਾਈ ਅੱਡਿਆਂ ਦੀ ਨੁਮਾਇੰਦਗੀ ਕਰਦੀ ਹੈ - ਨੇ ਕਿਹਾ ਕਿ ਪਾਬੰਦੀਆਂ ਉਚਿਤ ਜਾਂ ਜੋਖਮ ਅਧਾਰਤ ਨਹੀਂ ਸਨ। ਯੂਰਪੀਅਨ ਦੇਸ਼ ਅਗਲੇ ਹਫਤੇ ਇਸ ਮੁੱਦੇ 'ਤੇ ਸਾਂਝੇ ਜਵਾਬ 'ਤੇ ਚਰਚਾ ਕਰਨ ਲਈ ਮਿਲਣਗੇ, ਆਉਣ ਵਾਲੇ ਈਯੂ ਪ੍ਰੈਜ਼ੀਡੈਂਸੀ ਧਾਰਕ ਸਵੀਡਨ ਨੇ "ਸੰਭਾਵਿਤ ਦਾਖਲਾ ਪਾਬੰਦੀਆਂ ਦੀ ਸ਼ੁਰੂਆਤ ਲਈ ਪੂਰੇ ਯੂਰਪੀਅਨ ਯੂਨੀਅਨ ਲਈ ਇੱਕ ਸਾਂਝੀ ਨੀਤੀ" ਦੀ ਮੰਗ ਕੀਤੀ ਹੈ। ਤਾਈਵਾਨ ਦੀ ਰਾਸ਼ਟਰਪਤੀ ਸਾਈ ਇੰਗ-ਵੇਨ ਨੇ ਐਤਵਾਰ ਨੂੰ ਕਿਹਾ ਕਿ ਉਹ "ਮਾਨਵਤਾਵਾਦੀ ਚਿੰਤਾਵਾਂ ਦੇ ਅਧਾਰ 'ਤੇ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਲਈ ਤਿਆਰ ਹੈ," ਪਰ ਇਹ ਸਪੱਸ਼ਟ ਨਹੀਂ ਕੀਤਾ ਕਿ ਬੀਜਿੰਗ ਨੂੰ ਕਿਸ ਕਿਸਮ ਦੀ ਸਹਾਇਤਾ ਦਿੱਤੀ ਜਾ ਸਕਦੀ ਹੈ।

# ਨਿਊਯਾਰਕ 'ਚ ਨਵੇਂ ਸਾਲ ਦੇ ਜਸ਼ਨ ਦੌਰਾਨ 3 ਪੁਲਿਸ ਅਧਿਕਾਰੀਆਂ ਨੂੰ ਚਾਕੂ ਮਾਰੇ, ਇਕ ਦੀ ਹਾਲਤ ਗੰਭੀਰ

ਵਾਸ਼ਿੰਗਟਨ, 2 ਜਨਵਰੀ (ਪੋਸਟ ਬਿਊਰੋ)- ਅਮਰੀਕਾ 'ਚ ਇਕ ਵਿਅਕਤੀ ਨੇ ਨਵੇਂ ਸਾਲ ਦੇ ਜਸ਼ਨ ਦੌਰਾਨ ਨਿਊਯਾਰਕ ਪੁਲਸ ਦੇ ਤਿੰਨ ਅਧਿਕਾਰੀਆਂ 'ਤੇ ਹਮਲਾ ਕਰ ਦਿੱਤਾ। ਇਸ ਹਮਲੇ ਵਿੱਚ ਇੱਕ ਪੁਲਸ ਅਧਿਕਾਰੀ ਨੂੰ ਜ਼ਿਆਦਾ ਸੱਟਾਂ ਲੱਗੀਆਂ ਹਨ। ਬਾਕੀ ਤਿੰਨ ਪੁਲਿਸ ਅਧਿਕਾਰੀਆਂ ਦੀ ਹਾਲਤ ਸਥਿਰ ਹੈ। ਨਿਊਯਾਰਕ ਪੁਲਿਸ ਵਿਭਾਗ ਦੇ ਕਮਿਸਨਰ ਅਨੁਸਾਰ ਟਾਈਮਜ ਸਕੁਏਅਰ ਨੇੜੇ ਇੱਕ ਵਿਅਕਤੀ ਨੇ ਬਿਨਾਂ ਕਿਸੇ ਕਾਰਣ ਪੁਲਸ ਅਧਿਕਾਰੀਆਂ 'ਤੇ ਚਾਕੂ ਨਾਲ ਹਮਲਾ ਕੀਤਾ।





ਰਿਪੋਰਟ ਮੁਤਾਬਕ ਕਮਿਸ਼ਨਰ ਕੀਚਾਂਟ ਸੇਵੇਲ ਨੇ ਦੱਸਿਆ ਕਿ ਇਹ ਘਟਨਾ ਸ਼ਨੀਵਾਰ (ਸਥਾਨਕ ਸਮੇਂ ਅਨੁਸਾਰ) ਰਾਤ 10 ਵਜੇ ਨੂੰ ਵੈਸਟ 52ਵੀਂ ਸਟਰੀਟ ਅਤੇ 8ਵੀਂ ਐਵੇਨਿਊ ਸਥਿਤ ਟਾਈਮਜ ਸਕੁਏਅਰ ਵਿਖੇ ਨਵੇਂ ਸਾਲ ਦੀ ਸ਼ਾਮ ਸੁਰੱਖਿਆ ਸਕ੍ਰੀਨਿੰਗ ਜੋਨ ਦੇ ਬਾਹਰ ਵਾਪਰੀ। ਸੇਵੇਲ ਨੇ ਕਿਹਾ ਕਿ ਅਧਿਕਾਰੀ, ਜੋ ਹਾਲ ਹੀ ਵਿਚ ਪੁਲਿਸ ਅਕੈਡਮੀ ਵਿੱਚੋਂ ਪਾਸ ਹੋਇਆ ਸੀ, ਦੀ ਖੋਪੜੀ ਵਿੱਚ ਫ੍ਰੈਕਚਰ ਹੋਇਆ ਸੀ ਅਤੇ ਹਮਲੇ ਵਿੱਚ ਸਿਰ ਵਿੱਚ ਵੱਡਾ ਜ਼ਖਮ ਹੋਇਆ ਸੀ। ਕਮਿਸ਼ਨਰ ਨੇ ਦੱਸਿਆ ਕਿ ਇੱਕ ਹੋਰ ਅਧਿਕਾਰੀ ਦੇ ਸਿਰ ਵਿੱਚ ਵੀ ਸੱਟ ਲੱਗੀ ਹੈ।

ਪੁਲਿਸ ਅਧਿਕਾਰੀ ਨੇ ਦੱਸਿਆ ਕਿ ਹਮਲਾਵਰ ਦੀ ਉਮਰ 19 ਸਾਲ ਹੈ, ਜਸ਼ਨ ਦੌਰਾਨ ਉਸਨੇ ਇੱਕ ਅਧਿਕਾਰੀ ਨੂੰ ਆਪਣੇ ਵੱਲ ਆਉਣ ਦਾ ਇਸ਼ਾਰਾ ਕੀਤਾ ਅਤੇ ਜਿਵੇਂ ਹੀ ਉਹ ਉਸਦੇ ਨੇੜੇ ਆਇਆ ਉਸਨੇ ਚਾਕੂ ਨਾਲ ਉਸਦੇ ਸਿਰ ਵਿੱਚ ਵਾਰ ਕਰ ਦਿੱਤਾ। ਸ਼ੱਕੀ ਨੇ ਫਿਰ ਦੋ ਹੋਰ ਅਧਿਕਾਰੀਆਂ ਨੂੰ ਚਾਕੂ ਮਾਰ ਦਿੱਤਾ। ਜਿਵੇਂ ਹੀ ਹਮਲਾਵਰ ਨੇ ਕਿਸੇ ਨੂੰ ਹੋਰ ਸੱਟ ਮਾਰਨੀ ਚਾਹੀ, ਇੱਕ ਪੁਲਿਸ ਮੁਲਾਜ਼ਮ ਨੇ ਆਪਣੇ ਸਰਵਿਸ ਹਥਿਆਰ ਨਾਲ ਸੱਕੀ ਵਿਅਕਤੀ 'ਤੇ ਗੋਲੀ ਚਲਾ ਦਿੱਤੀ, ਜੋ ਉਸ ਦੇ ਮੋਢੇ 'ਤੇ ਲੱਗੀ। ਉਨ੍ਹਾਂ ਦੱਸਿਆ ਕਿ ਸ਼ੱਕੀ ਦਾ ਇਲਾਜ ਕੀਤਾ ਜਾ ਰਿਹਾ ਹੈ।

# ਭਾਰਤੀ ਮੂਲ ਦੇ ਦਵਾਈ ਵਿਕ੍ਰੇਤਾ ਨੂੰ ਯੂਕੇ ਵਿਚ ਗੈਰ-ਕਾਨੂੰਨੀ ਦਵਾਈਆਂ ਵੇਚਣ ਦੇ ਦੋਸ਼ ਵਿਚ ਜੇਲ੍ਹ

ਲੰਡਨ, 2 ਜਨਵਰੀ (ਪੋਸਟ ਬਿਊਰੋ)- ਬ੍ਰਿਟੇਨ ਦੀ ਇਕ ਅਦਾਲਤ ਨੇ ਭਾਰਤੀ ਮੂਲ ਦੇ ਦਵਾਈ ਵਿਕ੍ਰੇਤਾ ਨੂੰ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਦੇ ਦੋਸ਼ ਵਿਚ 18 ਮਹੀਨਿਆਂ ਦੀ ਜੇਲ ਦੀ ਸਜ਼ਾ ਸੁਣਾਈ ਹੈ। ਜਾਣਕਾਰੀ ਮੁਤਾਬਿਕ 40 ਸਾਲਾਂ ਤੋਂ ਵੱਧ ਤਜਰਬੇ ਵਾਲੇ ਲੰਡਨ ਸਥਿਤ ਦਵਾਈ ਵਿਕ੍ਰੇਤਾ 67 ਸਾਲਾ ਦੁਸ਼ਯੰਤ ਪਟੇਲ ਨੇ ਇਕ ਔਰਤ ਨੂੰ 2020 ਵਿਚ ਕਈ ਮਹੀਨਿਆਂ ਲਈ 'ਕੈਟਾਗਰੀ ਸੀ' ਜਾਂ ਯੂਕੇ ਦੇ ਕਾਨੂੰਨ ਅਧੀਨ ਪਾਬੰਦੀਸ਼ੁਦਾ ਦਵਾਈ ਵੇਚੀ ਸੀ। ਪੂਰਬੀ ਇੰਗਲੈਂਡ ਦੇ ਨੌਰਵਿਚ ਵਿਚ ਅਲੀਸ਼ਾ ਸਿੱਦੀਕੀ ਦੀ ਮੌਤ ਤੋਂ ਚਾਰ ਮਹੀਨੇ ਬਾਅਦ ਸਥਾਨਕ ਪੁਲਸ ਨੇ ਪਟੇਲ ਦੀ ਪਛਾਣ ਇਕ ਸ਼ੱਕੀ ਵਜੋਂ ਕੀਤੀ ਸੀ। ਸਿੱਦੀਕੀ ਦੀ ਲਾਸ਼ ਅਗਸਤ, 2020 ਵਿਚ ਮਿਲੀ ਸੀ।

ਸਥਾਨਕ ਮੀਡੀਆ ਅਨੁਸਾਰ ਅਲੀਸ਼ਾ ਸਿੱਦੀਕੀ ਦੀ ਸ਼ੁਰੂਆਤੀ ਪੋਸਟਮ-ਾਰਟਮ ਰਿਪੋਰਟ ਨਿਰਣਾਇਕ ਸੀ, ਪਰ ਟੌਕਸੀਕੋਲੋਜੀ ਟੈਸਟ ਦੇ ਨਤੀਜਿਆਂ ਨੇ ਦਿਖਾਇਆ ਕਿ ਉਸਦੀ ਮੌਤ ਨਸ਼ੇ ਦੀ ਓਵਰਡੋਜ਼ ਨਾਲ ਹੋਈ। ਸਿੱਦੀਕੀ ਦੀਆਂ ਫ਼ੋਨ ਕਾਲਾਂ ਦੇ ਵਿਸ਼ਲੇਸ਼ਣ ਤੋਂ ਪਤਾ ਚੱਲਦਾ ਹੈ ਕਿ ਜਨਵਰੀ ਤੋਂ ਅਗਸਤ 2020 ਦਰਮਿਆਨ ਪਟੇਲ ਨਾਲ ਉਸ ਨੇ ਕਈ ਵਾਰ ਗੱਲਬਾਤ ਕੀਤੀ ਸੀ।

ਪਟੇਲ ਨੂੰ 18 ਮਹੀਨਿਆਂ ਦੀ ਸਜ਼ਾ ਸੁਣਾਉਂਦਿਆਂ ਜੱਜ ਐਲਿਸ ਰੌਬਿਨਸਨ ਨੇ ਕਿਹਾ ਕਿ ਦਵਾਈ ਵਿਕ੍ਰੇਤਾ ਵਲੋਂ 'ਵਿਸ਼ਵਾਸ ਦੀ ਗੰਭੀਰ ਉਲੰਘਣਾ' ਕੀਤੀ ਗਈ ਹੈ। ਅਦਾਲਤ ਨੂੰ ਦੱਸਿਆ ਗਿਆ ਕਿ ਸਿੱਦੀਕੀ ਦੀ ਮੌਤ ਦੇ ਸਬੰਧ ਵਿਚ ਪਟੇਲ 'ਤੇ ਕਿਸੇ ਵੀ ਅਪਰਾਧ ਦਾ ਦੋਸ਼ ਨਹੀਂ ਸੀ, ਸਿਰਫ ਗੈਰ-ਕਾਨੂੰਨੀ ਦਵਾਈਆਂ ਦੀ ਸਪਲਾਈ ਕਰਨ ਦਾ ਦੋਸ਼ ਸੀ।

## ਭਾਰਤ ਨੇ ਚੀਨ ਅਤੇ ਇਨ੍ਹਾਂ 5 ਦੇਸ਼ਾਂ ਤੋਂ ਆਉਣ ਵਾਲੇ ਯਾਤਰੀਆਂ ਲਈ ਨੈਗੇਟਿਵ ਕੋਰੋਨਾ ਰਿਪੋਰਟ ਕੀਤੀ ਲਾਜ਼ਮੀ

ਨਵੀਂ ਦਿੱਲੀ, 2 ਜਨਵਰੀ (ਪੋਸਟ ਬਿਊਰੋ) - ਕੋਰੋਨਾ ਦੇ ਵਧਦੇ ਖਤਰੇ ਦੇ ਵਿਚਕਾਰ ਭਾਰਤ ਸਰਕਾਰ ਨੇ ਐਤਵਾਰ ਤੋਂ ਚੀਨ ਅਤੇ ਪੰਜ ਹੋਰ ਦੇਸ਼ਾਂ ਤੋਂ ਆਉਣ ਵਾਲੇ ਯਾਤਰੀਆਂ ਲਈ ਕੋਰੋਨਾ ਨੈਗੇਟਿਵ ਰਿਪੋਰਟਾਂ ਨੂੰ ਲਾਜ਼ਮੀ ਕਰ ਦਿੱਤਾ ਹੈ। ਚੀਨ, ਜਾਪਾਨ, ਦੱਖਣੀ ਕੋਰੀਆ, ਹਾਂਗਕਾਂਗ, ਥਾਈਲੈਂਡ ਅਤੇ ਸਿੰਗਾ-ਪੁਰ ਤੋਂ ਆਉਣ ਵਾਲੇ ਅੰਤਰਰਾਸਟਰੀ ਯਾਤਰੀਆਂ ਲਈ ਅਗਲੇ ਹਫਤੇ ਤੋਂ 'ਏਅਰ ਸੁਵਿਧਾ' ਫਾਰਮ ਭਰਨਾ ਅਤੇ 72 ਘੰਟੇ ਪਹਿਲਾਂ ਆਰ.ਟੀ.-ਪੀ.ਸੀ.ਆਰ. ਟੈਸਟ ਕਰਵਾਉਣਾ ਲਾਜਮੀ ਹੋਵੇਗਾ। ਇਹ ਐਲਾਨ ਚੀਨ ਅਤੇ ਕੁਝ ਹੋਰ ਦੇਸ਼ਾਂ ਵਿੱਚ ਕੋਵਿਡ ਦੇ ਮਾਮਲਿਆਂ ਵਿਚ ਤੇਜੀ ਦੇ ਚਲਦੇ ਕੀਤਾ ਗਿਆ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਇਹ ਵਾਧਾ ਇਕ ਨਵੇਂ ਕੋਰੋਨਾਵਾਇਰਸ ਰੂਪ ਬੀਐੱਫ 7 ਕਾਰਨ ਹੋਇਆ ਹੈ। ਅਲਰਟ ਜਾਰੀ ਕਰਦੇ ਹੋਏ ਭਾਰਤ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਕਿਸੇ ਵੀ ਸਥਿਤੀ ਲਈ ਤਿਆਰ ਰਹਿਣ ਲਈ ਕਿਹਾ ਹੈ। ਸਰਕਾਰ ਨੇ ਸ਼ਨੀਵਾਰ ਤੋਂ ਹਰ ਅੰਤਰਰਾਸ਼ਟਰੀ ਉਡਾਣ ਰਾਹੀਂ ਆਉਣ ਵਾਲੇ ਦੋ ਪ੍ਰਤੀਸਤ ਯਾਤਰੀਆਂ ਲਈ ਕੋਰੋਨ-ਾਵਾਇਰਸ ਟੈਸਟਿੰਗ ਲਾਜ਼ਮੀ ਕਰ ਦਿੱਤੀ ਹੈ।

# ਭਾਰਤ 'ਚ ਜਨਵਰੀ 'ਚ ਵਧ ਸਕਦੇ ਹਨ ਕੋਵਿਡ ਦੇ ਮਾਮਲੇ, ਅਗਲੇ 40 ਦਿਨ ਮਹੱਤਵਪੂਰਨ

ਨਵੀਂ ਦਿੱਲੀ, 2 ਜਨਵਰੀ (ਪੋਸਟ ਬਿਊਰੋ)- ਅਗਲੇ 40 ਦਿਨ ਮਹੱਤਵਪੂਰਨ ਹਨ ਕਿਉਂਕਿ ਭਾਰਤ ਵਿੱਚ ਕੋਵਿਡ-19 ਦੇ ਮਾਮਲੇ ਜਨਵਰੀ ਵਿੱਚ ਤੇਜੀ ਨਾਲ ਵੱਧ ਸਕਦੇ ਹਨ। ਅਧਿਕਾਰਤ ਸੂਤਰਾਂ ਨੇ ਮਹਾਮਾਰੀ ਦੇ ਫੈਲਣ ਦੇ ਪਿਛਲੇ ਤਰੀਕੇ ਦਾ ਹਵਾਲਾ ਦਿੰਦੇ ਹੋਏ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਇੱਕ ਅਧਿਕਾਰੀ ਨੇ ਕਿਹਾ, "ਅਤੀਤ ਵਿੱਚ, ਇਹ ਪਾਇਆ ਗਿਆ ਸੀ ਕਿ ਪੂਰਬੀ ਏਸੀਆ ਵਿੱਚ ਕੋਵਿਡ -19 ਦੁਆਰਾ ਪ੍ਰਭਾਵਿਤ ਹੋਣ ਦੇ 30-35 ਦਿਨਾਂ ਬਾਅਦ ਮਹਾਂਮਾਰੀ ਦੀ ਇੱਕ ਨਵੀਂ ਲਹਿਰ ਭਾਰਤ ਵਿੱਚ ਆਈ ਹੈ। ਇਹ ਇੱਕ ਰੁਝਾਨ ਰਿਹਾ ਹੈ।" ਸਿਹਤ ਮੰਤਰ-ਾਲੇ ਦੇ ਸੂਤਰਾਂ ਨੇ ਕਿਹਾ ਕਿ ਹਾਲਾਂਕਿ ਲਾਗ ਦੀ ਗੰਭੀਰਤਾ ਘੱਟ ਹੈ। ਜੇਕਰ ਕੋਵਿਡ ਦੀ ਨਵੀਂ ਲਹਿਰ ਆਉਂਦੀ ਹੈ ਤਾਂ ਵੀ ਸੰਕਰਮਿਤ ਲੋਕਾਂ ਦੀ ਮੌਤ ਅਤੇ ਹਸਪਤਾਲ ਵਿੱਚ ਭਰਤੀ ਹੋਣ ਦੀ ਦਰ ਬਹੁਤ ਘੱਟ ਹੋਵੇਗੀ।

ਸੂਤਰਾਂ ਨੇ ਦੱਸਿਆ ਕਿ ਪਿਛਲੇ ਦੋ ਦਿਨਾਂ 'ਚ ਭਾਰਤ ਆਏ 6,000 ਅੰਤਰਰਾਸਟਰੀ ਯਾਤਰੀਆਂ ਦੀ ਕੋਵਿਡ-19 ਦੀ ਜਾਂਚ ਕੀਤੀ ਗਈ, ਜਿਨ੍ਹਾਂ 'ਚੋਂ 39 ਰਿਪੋਰਟਾਂ ਪਾਜ਼ੇਟਿਵ ਆਈਆਂ ਹਨ। ਉਨ੍ਹਾਂ ਦੱਸਿਆ ਕਿ ਕੇਂਦਰੀ ਸਿਹਤ ਮੰਤਰੀ ਮਨਸੁਖ ਮਾਂਡਵੀਆ ਦਿੱਲੀ ਹਵਾਈ ਅੱਡੇ ਦਾ ਦੌਰਾ ਕਰਕੇ ਉੱਥੇ ਕੋਵਿਡ-19 ਟੈਸਟਿੰਗ ਸੁਵਿਧਾਵਾਂ ਦਾ ਜਾਇਜਾ ਲੈਣਗੇ। ਸਰਕਾਰ ਨੇ ਸ਼ਨੀਵਾਰ ਤੋਂ ਹਰ ਅੰਤਰਰਾਸ਼ਟਰੀ ਫਲਾਈਟ 'ਤੇ ਆਉਣ ਵਾਲੇ ਦੋ ਫੀਸਦੀ ਯਾਤਰੀਆਂ ਦੀ 'ਰੈਂਡਮ' ਕੋਵਿਡ ਟੈਸਟਿੰਗ ਨੂੰ ਲਾਜ਼ਮੀ ਕਰ ਦਿੱਤਾ ਹੈ।

ਸੂਤਰਾਂ ਨੇ ਦੱਸਿਆ ਕਿ ਅਗਲੇ ਹਫ਼ਤੇ ਤੋਂ ਚੀਨ, ਜਾਪਾਨ, ਦੱਖਣੀ ਕੋਰੀਆ, ਹਾਂਗਕਾਂਗ, ਬੈਂਕਾਕ ਅਤੇ ਸਿੰਗਾਪੁਰ ਤੋਂ ਆਉਣ ਵਾਲੇ ਯਾਤਰੀਆਂ ਲਈ 72 ਘੰਟੇ ਪਹਿਲਾਂ 'ਹਵਾਈ ਸੁਵਿਧਾ' ਫਾਰਮ ਭਰਨਾ ਅਤੇ ਆਰਟੀ-ਪੀਸੀਆਰ ਟੈਸਟ ਨੂੰ ਲਾਜ਼ਮੀ ਕੀਤਾ ਜਾ ਸਕਦਾ ਹੈ। ਚੀਨ ਅਤੇ ਦੱਖਣੀ ਕੋਰੀਆ ਸਮੇਤ ਕੁਝ ਦੇਸ਼ਾਂ ਵਿਚ ਕੋਵਿਡ-19 ਦੇ ਮਾਮਲੇ ਤੇਜੀ ਨਾਲ ਵਧਣ ਕਾਰਨ ਸਰਕਾਰ ਨੇ ਲੋਕਾਂ ਨੂੰ ਚੌਕਸ ਰਹਿਣ ਲਈ ਕਿਹਾ ਹੈ ਅਤੇ ਰਾਜਾਂ ਅਤੇ ਕੇਂਦਰ ਸਾਸਤ ਪ੍ਰਦੇਸ਼ਾਂ ਨੂੰ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਤਿਆਰ ਰਹਿਣ ਲਈ ਕਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸਿਹਤ ਮੰਤਰੀ ਮਨਸੁਖ ਮਾਂਡਵੀਆ ਨੇ ਕੋਵਿਡ ਮਾਮਲਿਆਂ ਵਿਚ ਤੇਜੀ ਨਾਲ ਨਜਿੱਠਣ ਲਈ ਤਿਆਰੀਆਂ ਦਾ ਜਾਇਜਾ ਲੈਣ ਲਈ ਮੀਟਿੰਗਾਂ ਕੀਤੀਆਂ ਹਨ।

**Urgently Need New Listings in Brampton/Caledon**

visit: www.teamjagaujla.com

Call **JAG AUJLA**
MCNE, REAL ESTATE BROKER
DIR: 416-371-7777
j.aujla@rogers.com www.jagaujla.com

**CALL JAG FOR A QUICK & FREE HOME EVALUATION**
www BramptonTopRealtor.com www BramptonTopAgent.com

**URGENTLY NEED NEW LISTINGS IN THIS AREA**

**RECENTLY LISTED/SOLD IN YOUR NEIGHBOURHOOD BY JAG AUJLA**

### HOUSE FOR LEASE IN CALEDON
KENNEDY/ NEW HOUSE/ DOUGALL AVE.
- 2500-3000 sq feet ਦਾ Detached ਘਰ
- $3,700/month (4 ਬੈੱਡਰੂਮ + 1 ਡੇਨ+ 4 ਵਾਸ਼ਰੂਮ)
- ਮੇਨ ਫਲੋਰ ਤੇ 10 ਫੁੱਟ ਦੀ ਸੀਲੀਂਗ
- 2nd ਫਲੋਰ ਤੇ 9 ਫੁੱਟ ਦੀ ਸੀਲੀਂਗ
- ਪੂਰਾ ਘਰ $4700/month with unfurnished ਬੇਸਮੈਂਟ
- HWY 410, ਸਕੂਲ, ਬਸ ਸਟੋਪ ਅਤੇ ਪਲਾਜ਼ੇ ਦੇ ਨੇੜੇ
- 1ਸਾਲ ਦੀ Lease, Credit Report, Full Rental App.
- First & Last month + Key Deposit

### LISTED IN BRAMPTON
MAYFIELD / MCLAUGHLIN
- Detached ਘਰ ਬਹੁਤ ਹੀ ਸੁੰਦਰ ਏਰੀਏ ਵਿੱਚ
- 3+1 ਬੈੱਡਰੂਮ + 4 ਵਾਸ਼ਰੂਮ
- 1 ਬੈੱਡਰੂਮ Legal Finished Basement with Seperate Entrance
- 9 ਫੁੱਟ ਦੀ ਸੀਲੀਂਗ
- ਸਟੈਂਡਰਡ ਓਕ ਸਟੈਅਰ ਕੇਸ
- ਮੇਨ ਕਮਰੇ ਵਿਚ ਸਟੇਨਡ ਹਾਰਡਵੁੱਡ
- ਗ੍ਰੇਨਾਈਟ ਕਾਊਂਟਰਟੌਪਸ ਨਾਲ ਅਪਗ੍ਰੇਡ ਕੀਤੀ ਕਿਚਨ
- ਮਾਸਟਰ ਬੈੱਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ
- HWY 410, ਸਕੂਲ, ਬਸ ਸਟੋਪ ਅਤੇ ਪਲਾਜ਼ੇ ਦੇ ਨੇੜੇ

### LISTED IN BRAMPTON
CASTLEMORE/ HUMBERWEST/AIRPORT
- 1500-2000 sq feet ਦਾ ਘਰ
- 3+1 ਬੈੱਡਰੂਮ + 4 ਵਾਸ਼ਰੂਮ + 2 ਕਿਚਨ with Legal Finished ਬੇਸਮੈਂਟ ਅਪਾਰਟਮੈਂਟ with Seperate Entrance
- ਬੇਸਮੈਂਟ $1300 ਦੇ ਕਰਿਾਏ' ਤੇ ਦਿਤੀ ਹੈ
- Extended ਡਰਾਈਵਵੇਅ
- ਮਾਸਟਰ ਬੈੱਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ

**FREE**
- ✓ Full MLS Services
- ✓ Consistently Marketing Your Property Until SOLD
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold
- ✓ Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022



**REXDALE BODY SHOP** USED CAR SALE

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

CHEEMA
LOWEST PRICE IN TOWN
Towing Service Car Paint Starts $799*upto 100% Deductible Paid*

Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



**Tri-City** Professional Realty Inc., Brokerage
The Future of Real Estate
www.TriCityPro.com

Number 1. Tri-City agent in Canada on basis of sales volume 2021

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ

NEED MORE LISTINGS
- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8

SOLD $1,399,999
CASTLEMORE/GOREWAY
[illegible]

SOLD $1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

SOLD $1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017